ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ.ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਮੰਗਲਵਾਰ, 6 ਅਕਤੂਬਰ 2026 (ਨਾਨਕਸ਼ਾਹੀ ਸੰਮਤ : ੫੫੮, ੨੦ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਧਾਰਮਿਕ ਡੇਰੇ 'ਚ ਦਫ਼ਨਾ 'ਤੀ ਲਾਸ਼ ! ਭਖਿਆ ਮਾਹੌਲ

**ਕਪੂਰਥਲਾ, 5 ਅਕਤੂਬਰ (ਆਵਾਜਿ ਕੌਮ ਬਿਊਰੋ)**-ਕਪੂਰਥਲਾ ਦੇ ਸੁਲਤਾਨਪੁਰ ਲੋਧੀ ਹਲਕੇ ਅਧੀਨ ਪੈਂਦੇ ਪਿੰਡ ਹੁਸੈਨਪੁਰ ਦੂਲੋਵਾਲ 'ਚ ਵਾਲਮੀਕਿ ਸਮਾਜ ਨਾਲ ਸਬੰਧਤ ਧਾਰਮਿਕ ਡੇਰੇ 'ਚ ਇਕ ਵਿਅਕਤੀ ਦੀ ਲਾਸ਼ ਦਫਨਾਏ ਜਾਣ ਨੂੰ ਲੈ ਕੇ ਵਿਵਾਦ ਭਖ ਗਿਆ। ਮਾਮਲਾ ਉਸ ਵੇਲੇ ਤਣਾਅਪੂਰਨ ਹੋ ਗਿਆ ਜਦੋਂ ਵੱਡੀ ਗਿਣਤੀ 'ਚ ਪਿੰਡ ਵਾਸੀ ਇਕੱਠੇ ਹੋ ਕੇ ਮੌਕੇ 'ਤੇ ਪਹੁੰਚੇ ਅਤੇ ਲਾਸ਼ ਦਫਨਾਏ ਜਾਣ ਦਾ ਵਿਰੋਧ ਕਰਦਿਆਂ ਘਿਰਾਓ ਕਰ ਦਿੱਤਾ। ਮਾਮਲਾ ਬਾਬਾ ਗਿਆਨ ਨਾਥ ਦੇ ਧਾਰਮਿਕ ਆਸ਼ਰਮ/ਡੇਰੇ ਨਾਲ ਸਬੰਧਤ ਦੱਸਿਆ ਜਾ ਰਿਹਾ ਹੈ। ਪਿੰਡ ਵਾਸੀਆਂ ਵੱਲੋਂ ਇਤਰਾਜ਼ ਜਤਾਇਆ ਗਿਆ ਕਿ ਇਥੇ ਇਕ ਵਿਅਕਤੀ ਦੀ ਲਾਸ਼ ਦਫ਼ਨਾਈ ਗਈ ਹੈ। ਕੁਝ ਲੋਕਾਂ ਵੱਲੋਂ ਇਹ ਵੀ ਦਾਅਵਾ ਕੀਤਾ ਗਿਆ ਕਿ ਲਾਸ਼ ਦੀ ਪਛਾਣ ਅਤੇ ਉਸ ਨੂੰ ਇਥੇ ਦਫ਼ਨਾਉਣ ਸਬੰਧੀ ਸਥਿਤੀ ਸਪੱਸ਼ਟ ਕੀਤੀ ਜਾਵੇ। ਵਿਰੋਧ ਵਧਣ ਦੀ ਸੂਚਨਾ ਮਿਲਦੇ ਹੀ ਥਾਣਾ ਤਲਵੰਡੀ ਚੌਧਰੀਆਂ ਦੀ ਪੁਲਸ ਅਤੇ ਪ੍ਰਸ਼ਾਸਨਿਕ ਅਧਿਕਾਰੀ ਮੌਕੇ 'ਤੇ ਪਹੁੰਚੇ ਅਤੇ ਹਾਲਾਤਾਂ ਨੂੰ ਕਾਬੂ ਵਿੱਚ ਕਰਨ ਲਈ ਕੋਸ਼ਿਸ਼ਾਂ ਕੀਤੀਆਂ। ਪੁਲਸ ਵੱਲੋਂ ਲੋਕਾਂ ਨੂੰ ਸ਼ਾਂਤੀ ਬਣਾਈ ਰੱਖਣ ਅਤੇ ਕਾਨੂੰਨ ਵਿਵਸਥਾ ਨੂੰ ਭੰਗ ਨਾ ਕਰਨ ਦੀ ਅਪੀਲ ਕੀਤੀ ਗਈ। ਮਾਮਲੇ ਸਬੰਧੀ ਏ.ਐੱਸ.ਪੀ. ਸਬ-ਡਿਵੀਜ਼ਨ ਸੁਲਤਾਨਪੁਰ ਲੋਧੀ ਧੀਰੇਂਦਰ ਵਰਮਾ ਨੇ ਦੱਸਿਆ ਕਿ ਹੁਸੈਨਪੁਰ ਦੂਲੋਵਾਲ ਪਿੰਡ ਥਾਣਾ ਤਲਵੰਡੀ ਚੌਧਰੀਆਂ ਦੇ ਅਧੀਨ ਆਉਂਦਾ ਹੈ ਅਤੇ ਇਥੇ ਵਾਲਮੀਕਿ ਸਮਾਜ ਨਾਲ ਸਬੰਧਤ ਬਾਬਾ ਗਿਆਨ ਨਾਥ ਦਾ ਧਾਰਮਿਕ ਆਸ਼ਰਮ/ਡੇਰਾ ਸਥਿਤ ਹੈ।

### ਧਮਕੀਆਂ ਭਰੀਆਂ ਈ-ਮੇਲਾਂ ਮਿਲਣ ਦਾ ਸਿਲਸਿਲਾ ਜਾਰੀ

# ਦਿੱਲੀ ਤੇ ਚੰਡੀਗੜ੍ਹ ਦੇ ਸਕੂਲਾਂ ਨੂੰ ਫਿਰ ਦਿੱਤੀ ਬੰਬ ਨਾਲ ਉਡਾਉਣ ਦੀ ਧਮਕੀ

**ਨਵੀਂ ਦਿੱਲੀ/ਚੰਡੀਗੜ੍ਹ, 5 ਅਕਤੂਬਰ (ਆਵਾਜਿ ਕੌਮ ਬਿਊਰੋ)**-ਦੱਖਣ-ਪੱਛਮੀ ਦਿੱਲੀ ਦੇ ਵਸੰਤ ਵਿਹਾਰ ਵਿੱਚ ਸਥਿਤ ਚਿਨਮਯਾ ਵਿਦਿਆਲਿਆ ਸਕੂਲ ਵਿੱਚ ਸੋਮਵਾਰ ਨੂੰ ਬੰਬ ਦੀ ਧਮਕੀ ਮਿਲਣ ਤੋਂ ਬਾਅਦ ਇੱਕ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ ਗਈ। ਦਿੱਲੀ ਫਾਇਰ ਸਰਵਿਸ (ਡੀਐਫਐਸ) ਨੇ ਕਿਹਾ ਕਿ ਸੋਮਵਾਰ ਦੁਪਹਿਰ 12:31 ਵਜੇ ਬੰਬ ਦੀ ਧਮਕੀ ਬਾਰੇ ਇੱਕ ਕਾਲ ਆਈ, ਜਿਸ ਤੋਂ ਬਾਅਦ ਇੱਕ ਫਾਇਰ ਇੰਜਣ ਨੂੰ ਮੌਕੇ 'ਤੇ ਭੇਜਿਆ ਗਿਆ। ਡੀਐਫਐਸ ਦੇ ਇੱਕ ਅਧਿਕਾਰੀ ਨੇ ਕਿਹਾ, "ਸਾਨੂੰ ਚਿਨਮਯਾ ਵਿਦਿਆਲਿਆ ਵਿੱਚ ਬੰਬ ਦੀ ਧਮਕੀ ਬਾਰੇ ਇੱਕ ਕਾਲ ਆਈ। ਤਲਾਸ਼ੀ ਮੁਹਿੰਮ ਜਾਰੀ ਹੈ।" ਇੱਕ ਅਧਿਕਾਰੀ ਨੇ ਦੱਸਿਆ ਕਿ ਦੱਖਣ-ਪੱਛਮੀ ਦਿੱਲੀ ਦੇ ਵਸੰਤ ਵਿਹਾਰ ਵਿੱਚ ਸਥਿਤ ਚਿਨਮਯਾ ਵਿਦਿਆਲਿਆ ਸਕੂਲ ਵਿੱਚ ਬੰਬ ਦੀ ਧਮਕੀ ਮਿਲਣ ਤੋਂ ਬਾਅਦ ਇੱਕ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ ਗਈ। ਦਿੱਲੀ ਫਾਇਰ ਸਰਵਿਸ (ਡੀਐਫਐਸ) ਨੇ ਕਿਹਾ ਕਿ ਸੋਮਵਾਰ ਦੁਪਹਿਰ 12:31 ਵਜੇ ਬੰਬ ਦੀ ਧਮਕੀ ਬਾਰੇ ਇੱਕ ਕਾਲ ਆਈ, ਜਿਸ ਤੋਂ ਬਾਅਦ ਇੱਕ ਫਾਇਰ




ਇੰਜਣ ਨੂੰ ਮੌਕੇ 'ਤੇ ਭੇਜਿਆ ਗਿਆ। ਇੱਕ ਡੀਐਫਐਸ ਅਧਿਕਾਰੀ ਨੇ ਕਿਹਾ "ਸਾਨੂੰ ਚਿਨਮਯਾ ਵਿਦਿਆਲਿਆ ਵਿੱਚ ਬੰਬ ਦੀ ਧਮਕੀ ਬਾਰੇ ਇੱਕ ਫੋਨ ਆਇਆ। ਤਲਾਸ਼ੀ ਮੁਹਿੰਮ ਜਾਰੀ ਹੈ।" ਚੰਡੀਗੜ੍ਹ ਦੇ 6 ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਤੋਂ ਬਾਅਦ ਸੋਮਵਾਰ ਸਵੇਰੇ ਹੜਕੰਪ ਮਚ ਗਿਆ। ਪੁਲਸ ਕੰਟਰੋਲ ਰੂਮ ਨੂੰ ਮਿਲੇ ਸੰਦੇਸ਼ 'ਚ ਸ਼ਹਿਰ ਦੇ ਵੱਖ-ਵੱਖ ਹਿੱਸਿਆਂ 'ਚ ਸਥਿਤ 6 ਸਕੂਲਾਂ ਨੂੰ ਨਿਸ਼ਾਨਾ ਬਣਾਉਣ ਦੀ ਧਮਕੀ ਦਿੱਤੀ ਗਈ। ਸੂਚਨਾ ਮਿਲਦੇ ਹੀ ਪੁਲਸ ਅਤੇ ਸੁਰੱਖਿਆ ਏਜੰਸੀਆਂ ਚੌਕਸ ਹੋ ਗਈਆਂ। ਸਬੰਧਿਤ ਸਕੂਲਾਂ ਦੇ ਕੈਂਪਸ 'ਚ ਸੁਰੱਖਿਆ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਕੰਟਰੋਲ ਰੂਮ ਨੂੰ ਮਿਲੇ ਸੰਦੇਸ਼ 'ਚ ਏਅਰਫੋਰਸ ਸਕੂਲ ਸੈਕਟਰ-31, ਸੇਂਟ ਸੋਲਜਰ ਇੰਟਰਨੈਸ਼ਨਲ ਸਕੂਲ ਸੈਕਟਰ-28, ਡੀਏਵੀ ਮਾਡਲ ਸਕੂਲ ਸੈਕਟਰ-15, ਸੇਂਟ ਸਟੀਫਨਜ਼ ਸਕੂਲ ਸੈਕਟਰ-45 ਅਤੇ ਅਜੀਤ ਸਕੂਲ ਸੈਕਟਰ-41 ਅਤੇ 45 ਦੇ ਨਾਮ ਸ਼ਾਮਲ ਹਨ। ਇਸ ਤੋਂ ਇਲਾਵਾ ਪੰਜਾਬੀ ਯੂਨੀਵਰਸਿਟੀ ਕੈਂਪਸ 'ਚ ਸਥਿਤ ਅੰਕੁਰ ਸਕੂਲ ਨੂੰ ਲੈ ਕੇ ਵੀ ਧਮਕੀ ਭਰਿਆ ਸੰਦੇਸ਼ ਮਿਲਣ ਦੀ ਜਾਣਕਾਰੀ ਹੈ। ਸੂਚਨਾ ਮਿਲਣ ਤੋਂ ਬਾਅਦ ਪੁਲਸ ਟੀਮਾਂ ਨੇ ਸਬੰਧਿਤ ਸਕੂਲਾਂ 'ਚ ਪਹੁੰਚ ਕੇ ਸੁਰੱਖਿਆ ਪ੍ਰਬੰਧ ਸੰਭਾਲ ਲਏ। ਸਕੂਲਾਂ ਦੇ ਕੈਂਪਸ ਅਤੇ ਆਸ-ਪਾਸ ਦੇ ਇਲਾਕਿਆਂ ਦੀ ਜਾਂਚ ਕੀਤੀ ਜਾ ਰਹੀ ਹੈ। ਬੰਬ ਨਿਰੋਧਕ ਦਸਤੇ ਅਤੇ ਹੋਰ ਸੁਰੱਖਿਆ ਏਜੰਸੀਆਂ ਨੂੰ ਵੀ ਅਲਰਟ ਕਰ ਦਿੱਤਾ ਗਿਆ ਹੈ।

## ਲਵਲੀ ਪ੍ਰੋਫ਼ੈਸ਼ਨਲ ਯੂਨੀਵਰਸਿਟੀ ਹਿੰਸਾ ਮਾਮਲੇ 'ਚ ਦੋ ਹੋਰ ਮੁਲਜ਼ਮ ਗ੍ਰਿਫ਼ਤਾਰ ! ਰਾਜਸਥਾਨ ਤੇ ਯੂ.ਪੀ. ਨਾਲ ਜੁੜੇ ਤਾਰ

**ਜਲੰਧਰ/ਫਗਵਾੜਾ, 5 ਅਕਤੂਬਰ (ਆਵਾਜਿ ਕੌਮ ਬਿਊਰੋ)**-ਲਵਲੀ ਪ੍ਰੋਫ਼ੈਸ਼ਨਲ ਯੂਨੀਵਰਸਿਟੀ 'ਚ ਹੋਈ ਹਿੰਸਾ ਅਤੇ ਭੰਨਤੋੜ ਦੇ ਮਾਮਲੇ 'ਚ ਨਵੀਂ ਅਪਡੇਟ ਸਾਹਮਮੇ ਆਈ ਹੈ। ਇਸ ਮਾਮਲੇ ਵਿਚ ਪੁਲਸ ਨੇ ਦੋ ਹੋਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ, ਜਿਸ ਨਾਲ ਇਸ ਮਾਮਲੇ 'ਚ ਫੜੇ ਗਏ ਮੁਲਜ਼ਮਾਂ ਦੀ ਕੁੱਲ ਗਿਣਤੀ 11 ਹੋ ਗਈ ਹੈ। ਗ੍ਰਿਫ਼ਤਾਰ ਕੀਤੇ ਗਏ ਨਵੇਂ ਮੁਲਜ਼ਮਾਂ ਦੀ ਪਛਾਣ ਯੋਗੇਸ਼ ਅਪੂਰਵਾ ਵਾਸੀ ਮਹਿਰਾਟਾ ਰਾਜਸਥਾਨ ਅਤੇ ਆਦਿਤਿਆ ਵਾਸੀ ਹਾਜੀਪੁਰ, ਉੱਤਰ ਪ੍ਰਦੇਸ਼ ਵਜੋਂ ਹੋਈ ਹੈ। ਪੁਲਸ ਮੁਤਾਬਕ ਇਹ ਦੋਵੇਂ ਮੁਲਜ਼ਮ ਗੱਡੀਆਂ ਦੀ ਭੰਨਤੋੜ ਕਰਨ ਦੇ ਮਾਮਲੇ 'ਚ ਫੜੇ ਗਏ ਹਨ। ਇਥੇ ਦੱਸ ਦੇਈਏ ਕਿ ਪੁਲਸ ਵੱਲੋਂ ਇਸ ਤੋਂ ਪਹਿਲਾਂ 9 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਸੀ, ਜਦਕਿ 20 ਲੋਕਾਂ ਨੂੰ ਮਾਮਲੇ ਵਿੱਚ



ਨਾਮਜ਼ਦ ਕੀਤਾ ਗਿਆ ਹੈ। ਡੀ. ਆਈ. ਜੀ. ਨਵੀਨ ਸਿੰਗਲਾ ਮੁਤਾਬਕ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਫਗਵਾੜਾ, ਜੰਮੂ, ਮੁੰਬਈ ਅਤੇ ਮੰਡੀ ਤੋਂ ਕੀਤੀ ਗਈ ਹੈ। ਲਵਲੀ ਪ੍ਰੋਫ਼ੈਸ਼ਨਲ ਯੂਨੀਵਰਸਿਟੀ ਕੰਪਲੈਕਸ ਬਾਹਰ ਸਥਾਪਿਤ ਮਿਗ-23 ਫਾਈਟਰ ਜੈੱਟ 'ਤੇ ਚੜ੍ਹਨ ਵਾਲੇ ਵਿਅਕਤੀ ਦੀ ਪਛਾਣ ਕਰਕੇ ਉਸ ਨੂੰ ਮੰਡੀ ਤੋਂ ਗ੍ਰਿਫ਼ਤਾਰ ਕੀਤਾ ਗਿਆ। ਹਿੰਸਾ ਦੌਰਾਨ ਪ੍ਰਦਰਸ਼ਨਕਾਰੀਆਂ ਵੱਲੋਂ ਪੁਲਸ ਦੀਆਂ ਗੱਡੀਆਂ 'ਚ ਪੈਟਰੋਲ ਪਾ ਕੇ ਅੱਗ ਲਗਾਈ ਗਈ ਸੀ।

## ਪੰਜਾਬ 'ਚ ਦੋ ਵੱਖ-ਵੱਖ ਥਾਂਵਾਂ 'ਤੇ ਭਿਆਨਕ ਹਾਦਸੇ, ਐਲਪੀਯੂ ਵਿਦਿਆਰਥਣ ਸਮੇਤ 5 ਲੋਕਾਂ ਦੀ ਮੌਤ

**ਬੰਗਾ/ਬਠਿੰਡਾ, 5 ਅਕਤੂਬਰ (ਆਵਾਜਿ ਕੌਮ ਬਿਊਰੋ)**-ਪੰਜਾਬ 'ਚ ਦੋ ਵੱਖ-ਵੱਖ ਥਾਂਵਾਂ 'ਤੇ ਭਿਆਨਕ ਹਾਦਸੇ ਵਾਪਰੇ ਹਨ, ਜਿਨ੍ਹਾਂ ਵਿੱਚ ਫਗਵਾੜਾ ਦੀ ਲਵਲੀ ਪ੍ਰੋਫ਼ੈਸ਼ਨਲ ਯੂਨਵਰਸਿਟੀ ਦੀ ਇੱਕ



ਵਿਦਿਆਰਥਣ ਸਮੇਤ 5 ਲੋਕਾਂ ਦੀ ਮੌਤ ਹੋ ਗਈ ਹੈ। ਬੰਗਾ 'ਚ ਬੱਸ ਹਾਦਸੇ ਵਿੱਚ 3 ਲੋਕਾਂ ਦੀ ਮੌਤ ਹੋ ਗਈ ਹੈ, ਜਦਕਿ ਬਠਿੰਡਾ 'ਚ ਮੋਟਰਸਾਈਕਲ ਹਾਦਸੇ 'ਚ ਦੋ ਲੋਕਾਂ ਦੀ ਮੌਤ ਹੋ ਗਈ ਹੈ। ਪੁਲਿਸ ਨੇ ਦੋਵਾਂ ਮਾਮਲਿਆਂ 'ਚ ਕਾਰਵਾਈ ਅਰੰਭ ਦਿੱਤੀ ਹੈ। ਨਵਾਂਸ਼ਹਿਰ ਜ਼ਿਲ੍ਹੇ ਦੀ ਸਬ-ਤਹਿਸੀਲ ਬੰਗਾ ਵਿੱਚ ਅੱਜ ਸਵੇਰੇ 5 ਵਜੇ ਦੇ ਕਰੀਬ ਇੱਕ ਦਰਦਨਾਕ ਸੜਕ ਹਾਦਸਾ ਵਾਪਰਿਆ। ਮਨਾਲੀ ਤੋਂ ਸ੍ਰੀ ਅੰਮ੍ਰਿਤਸਰ ਸਾਹਿਬ ਜਾ ਰਹੀ ਇੱਕ ਬੱਸ ਬੰਗਾ ਫਲਾਈਓਵਰ ਤੋਂ ਹੇਠਾਂ ਡਿੱਗ ਗਈ। ਇਸ ਹਾਦਸੇ ਵਿੱਚ ਕੰਡਕਟਰ ਸਮੇਤ ਤਿੰਨ ਲੋਕਾਂ ਦੀ ਮੌਤ ਹੋਣ ਦੀ ਖ਼ਬਰ ਹੈ। ਮ੍ਰਿਤਕਾਂ ਵਿੱਚ ਇੱਕ ਵਿਦਿਆਰਥੀ ਵੀ ਸ਼ਾਮਲ ਦੱਸਿਆ ਜਾ ਰਿਹਾ ਹੈ। ਜਾਣਕਾਰੀ ਅਨੁਸਾਰ, ਜਦੋਂ ਬੱਸ ਬੰਗਾ ਫਲਾਈਓਵਰ 'ਤੇ ਪਹੁੰਚੀ, ਤਾਂ ਕਥਿਤ ਤੌਰ 'ਤੇ ਡਰਾਈਵਰ ਦੀ ਅੱਖ ਝਪਕ ਗਈ, ਜਿਸ ਕਾਰਨ ਬੱਸ ਕੰਟਰੋਲ ਗੁਆ ਬੈਠੀ ਅਤੇ ਪੁਲ ਤੋਂ ਡਿੱਗ ਗਈ। ਹਾਦਸੇ ਕਾਰਨ ਵਿਆਪਕ ਹੰਗਾਮਾ ਹੋਇਆ। ਦੱਸਿਆ ਜਾ ਰਿਹਾ ਹੈ ਕਿ ਹਾਦਸੇ ਵਿੱਚ ਤਿੰਨ ਲੋਕਾਂ ਦੀ ਮੌਤ ਹੋ ਗਈ, ਜਦੋਂ ਕਿ ਬੱਸ ਡਰਾਈਵਰ ਮੌਕੇ ਤੋਂ ਭੱਜ ਗਿਆ। ਘਟਨਾ ਦੀ ਜਾਣਕਾਰੀ ਮਿਲਦੇ ਹੀ ਪੁਲਿਸ ਅਧਿਕਾਰੀ ਮੌਕੇ 'ਤੇ ਪਹੁੰਚੇ ਅਤੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਬਠਿੰਡਾ ਜ਼ਿਲ੍ਹੇ ਦੇ ਪਿੰਡ ਮੰਡੀ ਕਲਾਂ ਵਿੱਚ ਰਾਮਪੁਰਾ-ਤਲਵੰਡੀ ਸਾਬੋ ਰੋਡ 'ਤੇ ਅੱਜ ਦੇਰ ਸ਼ਾਮ ਇੱਕ ਦਰਦਨਾਕ ਸੜਕ ਹਾਦਸਾ ਵਾਪਰਿਆ। ਇਸ ਹਾਦਸੇ ਵਿੱਚ ਮੋਟਰਸਾਈਕਲ ਸਵਾਰ ਦੋ ਨੌਜਵਾਨਾਂ ਦੀ ਮੌਤ ਹੋ ਗਈ। ਪ੍ਰਾਪਤ ਜਾਣਕਾਰੀ ਅਨੁਸਾਰ, ਦੋਵੇਂ ਨੌਜਵਾਨ ਆਪਣੇ ਮੋਟਰਸਾਈਕਲ 'ਤੇ ਮੰਡੀ ਕਲਾਂ ਸਥਿਤ ਆਪਣੇ ਘਰ ਜਾ ਰਹੇ ਸਨ। ਜਦੋਂ ਉਨ੍ਹਾਂ ਦਾ ਮੋਟਰਸਾਈਕਲ ਰਾਮਪੁਰਾ-ਤਲਵੰਡੀ ਸਾਬੋ ਰੋਡ 'ਤੇ ਮੰਡੀ ਕਲਾਂ ਨੇੜੇ ਇੱਕ ਮੋੜ 'ਤੇ ਇੱਕ ਟਰਾਲੀ ਨਾਲ ਟਕਰਾ ਗਿਆ। ਟੱਕਰ ਇੰਨੀ ਜ਼ਬਰਦਸਤ ਸੀ ਕਿ ਦੋਵੇਂ ਗੰਭੀਰ ਜ਼ਖਮੀ ਹੋ ਗਏ। ਰਾਹਗੀਰਾਂ ਦੀ ਮਦਦ ਨਾਲ ਉਨ੍ਹਾਂ ਨੂੰ ਇਲਾਜ ਲਈ ਸਿਵਲ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਜਾਂਚ ਤੋਂ ਬਾਅਦ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ। ਹਾਦਸੇ ਦੀ ਸੂਚਨਾ ਮਿਲਦੇ ਹੀ ਪੁਲਿਸ ਮੌਕੇ 'ਤੇ ਪਹੁੰਚੀ ਅਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ।

## ਰਾਜਸਕਾਨ ਪੁਲਿਸ ਵੱਲੋਂ ਗੁਰਦੁਆਰਾ ਸਾਹਿਬ 'ਚ ਬੇਅਦਬੀ ਅਤੇ ਭੰਨਤੋੜ, ਮੁੱਖ ਪ੍ਰਬੰਧਕ ਨੂੰ ਹਿਰਾਸਤ 'ਚ ਲਿਆ

**ਗੰਗਾਨਗਰ, 5 ਅਕਤੂਬਰ (ਆਵਾਜਿ ਕੌਮ ਬਿਊਰੋ)**-ਗੰਗਾਨਗਰ ਦੇ ਗੁਰਦੁਆਰਾ ਸਾਹਿਬ 'ਚ ਰਾਜਸਥਾਨ ਪੁਲਿਸ ਵੱਲੋਂ ਬੇਅਦਬੀ ਕਰਨ ਅਤੇ ਸਿੱਖ ਧਰਮ ਪ੍ਰਚਾਰ ਕਮੇਟੀ ਰਾਜਸਥਾਨ ਦੇ ਸੂਬਾ ਪ੍ਰਧਾਨ ਤਜਿੰਦਰ ਪਾਲ ਸਿੰਘ ਟਿੰਮਾ ਨੂੰ ਗ੍ਰਿਫਤਾਰ ਕਰਨ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਦੱਸ ਦਈਏ ਕਿ ਪੁਲਿਸ ਨੇ ਟਿੰਮਾ ਨੂੰ ਉਦੋਂ ਹਿਰਾਸਤ ਵਿਚ ਲਿਆ, ਜਗੋਂ ਉਹ ਸ਼ਹੀਦ ਬਾਬਾ ਦੀਪ ਸਿੰਘ ਗੁਰਦੁਆਰਾ ਸਾਹਿਬ ਵਿਖੇ ਮੌਜੂਦ ਸਨ। ਉਧਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਰਾਜਸਥਾਨ ਪੁਲਿਸ ਵੱਲੋਂ ਲੰਗਰਾਂ ਦੀ ਬੇਅਦਬੀ ਕਰਨ, ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲੇ ਅਤੇ ਹੋਰ ਸ਼ਹੀਦ ਸਿੰਘਾਂ ਦੇ

### ਰਾਜਸਥਾਨ ਪੁਲਸ ਦੀ ਕਾਰਵਾਈ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ: ਐਡਵੋਕੇਟ ਧਾਮੀ

ਪੋਸਟਰ ਪਾੜਨ ਅਤੇ ਸਿੱਖ ਆਗੂ ਭਾਈ ਤੇਜਿੰਦਰਪਾਲ ਸਿੰਘ ਟਿੰਮਾ ਨੂੰ ਗ੍ਰਿਫਤਾਰ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਜਾਣਕਾਰੀ ਅਨੁਸਾਰ, ਪੁਲਿਸ ਕਾਰਵਾਈ ਦੀ ਇੱਕ ਸੀਸੀਟੀਵੀ ਵੀ ਸਾਹਮਣੇ ਆਈ ਹੈ, ਜਿਸ ਵਿੱਚ ਤਜਿੰਦਰ ਪਾਲ ਸਿੰਘ ਟਿੰਮਾ ਨੂੰ ਭਾਰੀ ਸੰਗਤ ਦੇ ਵਿਰੋਧ ਦੇ ਬਾਵਜੂਦ ਪੁਲਿਸ ਲੈ ਕੇ ਜਾ ਰਹੀ ਹੈ। ਪੁਲਿਸ ਉਪਰ ਗੁਰਦੁਵਾਰਾ ਸਾਹਿਬ ਅੰਦਰ ਬੇਅਦਬੀ ਅਤੇ ਤੋੜਭੰਨ ਕਰਨ ਦੇ ਇਲਜ਼ਾਮ ਲਾਏ ਗਏ ਹਨ। ਪੁਲਿਸ ਦੀ ਇਸ ਕਾਰਵਾਈ ਨੂੰ ਲੈਕੇ ਸਿੱਖ ਸੰਗਤਾਂ ਵਿਚ ਰੋਸ ਹੈ ਅਤੇ ਉਨ੍ਹਾਂ ਵਲੋ ਕੱਲ ਸਾਰੀਆਂ ਸਿੱਖ ਜਥੇਬੰਦੀਆਂ (ਰਾਜਸਥਾਨ ਅਤੇ ਪੰਜਾਬ) ਕਿਸਾਨ ਜਥੇਬੰਦੀਆਂ ਅਤੇ ਗੁਰੂ ਨਾਨਕ ਲੇਵਾ ਸੰਗਤ ਨੂੰ ਸ਼੍ਰੀ ਗੰਗਾਨਗਰ ਸਥਿਤ ਗੁਰਦੁਵਾਰਾ ਸਾਹਿਬ ਇਕੱਠੇ ਹੋਣ ਦੀ ਅਪੀਲ ਕੀਤੀ ਜਾ ਰਹੀ ਹੈ। ਦੱਸਿਆ ਜਾ ਰਿਹਾ ਹੈ ਕਿ ਇਹ ਕਾਰਵਾਈ ਥਾਣਾ ਸ਼੍ਰੀਗੰਗਾਨਗਰ ਦੀ ਕੋਤਵਾਲੀ ਪੁਲਿਸ ਵੱਲੋਂ ਕੀਤੀ ਗਈ ਹੈ ਤੇ ਜਿਸਦੀ ਅਗੁਵਾਈ ਖੁਦ ਥਾਣਾ ਮੁਖੀ ਤੇਜਵੰਤ ਸਿੰਘ ਬਰਾੜ ਵੱਲੋਂ ਕੀਤੀ ਗਈ। ਥਾਣਾ ਮੁਖੀ ਦਾ ਕਹਿਣਾ ਹੈ ਕਿ ਕਿਸੇ ਇਮੀਗ੍ਰੇਸ਼ਨ ਦਾ ਕੰਮ ਕਰਨ ਵਾਲੇ ਇਕ ਸੰਚਾਲਕ ਦੀ ਸ਼ਿਕਾਇਤ 'ਤੇ ਇਹ ਕਾਰਵਾਈ ਕਰਦਿਆਂ ਤਜਿੰਦਰ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਉਧਰ, ਸ਼੍ਰੀਗੰਗਾਨਗਰ ਦੇ ਥਾਣਾ ਕੋਤਵਾਲੀ ਮੁਖੀ ਤੇਜਵੰਤ ਸਿੰਘ ਦਾ ਸਿੱਖ ਆਗੂ ਤਜਿੰਦਰ ਸਿੰਘ ਟਿੰਮਾ ਨੂੰ ਗ੍ਰਿਫ਼ਤਾਰ ਕਰਨ ਪਿੱਛੇ ਇਮੀਗ੍ਰੇਸ਼ਨ ਸੰਚਾਲਕ ਦੇ ਨਾਲ ਵਿਵਾਦ ਮਾਮਲੇ 'ਚ ਹੋਈ ਹੈ। ਉਨ੍ਹਾਂ ਕਿਹਾ ਕਿ ਪੁਲਿਸ ਸਿਵਿਲ ਡ੍ਰੇਸ ਵਿਚ ਗਈ ਸੀ, ਕੋਈ ਭੰਨਤੋੜ ਨਹੀਂ ਕੀਤੀ ਅਤੇ ਨਾ ਹੀ ਕੋਈ ਬੇਅਦਬੀ ਨਹੀਂ ਕੀਤੀ ਗਈ, ਸਗੋਂ ਸਿੱਖ ਸੰਗਤ ਨੂੰ ਭੜਕਾਉਣ ਲਈ ਅਜਿਹਾ ਕੀਤਾ ਜਾ ਰਿਹਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਰਾਜਸਥਾਨ ਦੇ ਸਿੱਖ ਆਗੂ ਭਾਈ ਤੇਜਿੰਦਰਪਾਲ ਸਿੰਘ ਟਿੰਮਾ ਲੰਮੇ ਸਮੇਂ ਤੋਂ ਸਿੱਖ ਮਸਲਿਆਂ ਸਬੰਧੀ ਆਵਾਜ਼ ਉਠਾਉਂਦੇ ਆ ਰਹੇ ਹਨ ਅਤੇ ਉਨ੍ਹਾਂ ਨੂੰ ਕਥਿਤ ਤੌਰ 'ਤੇ ਝੂਠੇ ਕੇਸ ਵਿੱਚ ਗ੍ਰਿਫਤਾਰ ਕਰਨਾ ਸਿੱਖਾਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਹੈ। ਉਨ੍ਹਾਂ ਕਿਹਾ ਕਿ ਰਾਜਸਥਾਨ ਪੁਲਿਸ ਦੀ ਇਹ ਕਾਰਵਾਈ ਸਿੱਖਾਂ ਪ੍ਰਤੀ ਧੱਕੇਸ਼ਾਹੀ ਅਤੇ ਪੱਖਪਾਤੀ ਰਵੱਈਏ ਦਾ ਪ੍ਰਗਟਾਵਾ ਹੈ। ਐਡਵੋਕੇਟ ਧਾਮੀ ਨੇ ਰਾਜਸਥਾਨ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਗੰਗਾਨਗਰ ਦੇ ਗੁਰਦੁਆਰਾ ਬਾਬਾ ਦੀਪ ਸਿੰਘ ਜੀ ਵਿਖੇ ਵਾਪਰੀ ਪੂਰੀ ਘਟਨਾ ਦੀ ਨਿਰਪੱਖ ਜਾਂਚ ਕਰਵਾਈ ਜਾਵੇ, ਗੁਰਦੁਆਰਾ ਸਾਹਿਬ ਦੀ ਮਰਯਾਦਾ ਅਤੇ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨਾਲ ਖਿਲਵਾੜ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਭਾਈ ਤੇਜਿੰਦਰਪਾਲ ਸਿੰਘ ਟਿੰਮਾ ਵਿਰੁੱਧ ਦਰਜ ਮਾਮਲੇ ਦੀ ਨਿਰਪੱਖ ਜਾਂਚ ਕਰਕੇ ਉਨ੍ਹਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ।






## ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)

(ਬੱਕਰਾਂ ਦੇ ਹਾਈ ਕੋਰਟ)

## ਮਿਤੀ 1 ਨਵੰਬਰ 2026 ਦਿਨ ਐਤਵਾਰ

## ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ। ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ
AWAZE QAUM
International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



## 30 ਅਕਤੂਬਰ 2026 ਦਿਨ ਸ਼ੁੱਕਰਵਾਰ

ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ

ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

**ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।**



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਸੇਵਕ ਐਸ.ਜੀ.ਪੀ.ਸੀ.
ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net






ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243



ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ

ਯੂ.ਕੇ. ਮੁੱਖ ਸੰਪਾਦਕ

Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

## ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ **ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV


DHAN DHAN SRI GURU NANAK DEV JI
PARKASH PURAB
SANDWELL
NAGAR
KIRTAN
ਨਗਰ ਕੀਰਤਨ
SUNDAY 1ST NOVEMBER 2026
GURDWARA GURU HAR RAI SAHIB JI
George Street, West Bromwich
START 9:00AM
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ
ਜਰੋਜ ਸਟਰੀਟ, ਵੈਸਟ ਬ੍ਰਮਮਿਚ
ਅਰੰਭਤਾ: ੯:੦੦ ਵਜੇ
GURU NANAK GURDWARA
Edward Street, West Bromwich
11:00AM
ਗੁਰੂ ਨਾਨਕ ਗੁਰਦੁਆਰਾ
ਏਡਵਰਡ ਸਟਰੀਟ, ਵੈਸਟ ਬ੍ਰਮਮਿਚ
੧੧:੦੦ ਵਜੇ
GURDWARA AMRIT PARCHAR DHARMIK DIWAN
Birmingham Road, Oldbury
1:00PM
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ
ਬ੍ਰਮਿੰਘਮ ਰੋਡ, ਓਲਡਬਰੀ
੧:੦੦ ਵਜੇ
GURDWARA GURU MANEYO GRANTH
Popes Lane, Oldbury
2:00PM
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ
ਪੋਪਸ ਲੇਨ, ਓਲਡਬਰੀ
੨:੦੦ ਵਜੇ
GURDWARA BABA SANG
St. Paul's Road, Smethwick
3:15PM
ਗੁਰਦੁਆਰਾ ਬਾਬਾ ਸੰਗ ਜੀ
ਸਟ, ਪੋਲਜ ਰੋਡ, ਸਮੇਦਿਕ
੩:੧੫ ਵਜੇ
GURU NANAK GURDWARA SMETHWICK
High Street, Smethwick
4:00PM
ਗੁਰੂ ਨਾਨਕ ਗੁਰਦੁਆਰਾ
ਸਮੇਦਿਕ
੪:੦੦ ਵਜੇ
GURDWARA GURU HAR RAI SAHIB - 0121 553 7219
GURU NANAK GURDWARA SMETHWICK - 0121 558 2527
ਆਵਾਜ਼ਿ ਕੌਮ
AWAZE QAUM
International Newspaper & WEB TV
GURDWARA
OLDBURY
Guru Maneyo Granth
Sandwell




### ਹਾਈ ਕੋਰਟ ਨੇ ਮਾਨ ਸਰਕਾਰ ਦੀ

# ‘ਕੱਟੜ ਇਮਾਨਦਾਰੀ’ ਦਾ ਭਰਮ ਤੋੜਿਆ: ਪ੍ਰੋ. ਸਰਚਾਂਦ ਸਿੰਘ ਖਿਆਲਾ

**ਅੰਮ੍ਰਿਤਸਰ, 5 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਪੰਜਾਬ-ਹਰਿਆਣਾ ਹਾਈ ਕੋਰਟ ਵੱਲੋਂ ਸਰਕਾਰੀ ਬਦਲੀਆਂ ਅਤੇ ਪੋਸਟਿੰਗਾਂ ਵਿੱਚ ਕਥਿਤ ਵਿੱਤੀ ਲੈਣ-ਦੇਣ

ਆਵਾਜ਼ਿ ਕੌਮ
AWAZE QAUM
International Newspaper & WEB TV



ਤੇ ਭ੍ਰਿਸ਼ਟਾਚਾਰ ਦੇ ਦੋਸ਼ਾਂ ਨਾਲ ਸਬੰਧਤ ਮਾਮਲੇ ਦੀ ਜਾਂਚ CBI ਨੂੰ ਸੌਂਪਣ ਦੇ ਫ਼ੈਸਲੇ ਨੂੰ ਭਗਵੰਤ ਮਾਨ ਸਰਕਾਰ ਦੀ ਕਾਰਗੁਜ਼ਾਰੀ ’ਤੇ ਗੰਭੀਰ ਸਵਾਲੀਆ ਨਿਸ਼ਾਨ ਕਰਾਰ ਦਿੱਤਾ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ‘ਕੱਟੜ ਇਮਾਨਦਾਰੀ’ ਦੇ ਨਾਅਰੇ ਲਾ ਕੇ ਸੱਤਾ ਵਿੱਚ ਆਈ ‘ਆਪ’ ਸਰਕਾਰ ਦੇ ਕਾਰਜਕਾਲ ਵਿੱਚ ਜੇ ਸਰਕਾਰੀ ਬਦਲੀਆਂ ਅਤੇ ਪੋਸਟਿੰਗਾਂ ਦੇ ਕਥਿਤ ਲੈਣ-ਦੇਣ ਦੇ ਮਾਮਲੇ ਵਿੱਚ ਹਾਈ ਕੋਰਟ ਨੂੰ ਸੀਬੀਆਈ ਜਾਂਚ ਦੇ ਹੁਕਮ ਦੇਣੇ ਪੈ ਰਹੇ ਹਨ ਤਾਂ ਇਹ ਸਰਕਾਰ ਦੀ ਪਾਰਦਰਸ਼ਤਾ ਦੇ ਦਾਅਵਿਆਂ ਲਈ ਵੱਡਾ ਝਟਕਾ ਹੈ।

ਉਨ੍ਹਾਂ ਕਿਹਾ ਕਿ ਸਭ ਤੋਂ ਗੰਭੀਰ ਗੱਲ ਇਹ ਹੈ ਕਿ ਹਾਈ ਕੋਰਟ ਨੇ ਪੰਜਾਬ ਪੁਲੀਸ ਦੀ ਹੁਣ ਤੱਕ ਦੀ ਕਾਰਵਾਈ ਨੂੰ ਸੰਤੁਸ਼ਟੀਜਨਕ ਨਹੀਂ ਮੰਨਿਆ। ਜਦੋਂ ਅਦਾਲਤ ਨੂੰ ਹੀ ਨਿਰਪੱਖ ਅਤੇ ਪਾਰਦਰਸ਼ੀ ਜਾਂਚ ਲਈ 329 ਦਾ ਸਹਾਰਾ ਲੈਣਾ ਪਵੇ, ਤਾਂ ‘ਆਪ’ ਸਰਕਾਰ ਨੂੰ ਆਪਣੇ ਸ਼ਾਸਨ ਮਾਡਲ ਬਾਰੇ ਪੰਜਾਬ ਦੇ ਲੋਕਾਂ ਨੂੰ ਜਵਾਬ ਦੇਣਾ ਚਾਹੀਦਾ ਹੈ।

ਪ੍ਰੋ. ਖਿਆਲਾ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਸਿੱਧਾ ਸਵਾਲ ਕਰਦਿਆਂ ਕਿਹਾ, “ਭਗਵੰਤ ਮਾਨ ਜੀ, ਪੰਜਾਬ ਨੇ ਤੁਹਾਨੂੰ ਭ੍ਰਿਸ਼ਟਾਚਾਰ ਖ਼ਤਮ ਕਰਨ ਦਾ ਵਾਅਦਾ ਕਰਕੇ ਸੱਤਾ ਦਿੱਤੀ ਸੀ, ਨਾ ਕਿ ਬਦਲੀਆਂ ਤੇ ਪੋਸਟਿੰਗਾਂ ਨੂੰ ਕਥਿਤ ਲੈਣ-ਦੇਣ ਦਾ ਕੇਂਦਰ ਬਣਾਉਣ ਲਈ। ਹੁਣ ਸਵਾਲ ਸਿਰਫ਼ ਵਿਰੋਧੀ ਧਿਰ ਦੇ ਨਹੀਂ ਹਨ—ਸਵਾਲ ਹਾਈ ਕੋਰਟ ਦੇ ਦਖ਼ਲ ਨਾਲ ਪੈਦਾ ਹੋਏ ਹਨ। ਹੁਣ ਦੱਸੋ ਕਿ ਤੁਹਾਡੇ ਕਾਰਜਕਾਲ ਵਿੱਚ ਸਰਕਾਰੀ ਅਹੁਦਿਆਂ ਦੀਆਂ ਬਦਲੀਆਂ-ਪੋਸਟਿੰਗਾਂ ਵਿੱਚ ਕਥਿਤ ਲੈਣ-ਦੇਣ ਦੇ ਦੋਸ਼ ਕਿਉਂ ਸਾਹਮਣੇ ਆ ਰਹੇ ਹਨ ? ਅਤੇ ਹੁਣ ਹਾਈ ਕੋਰਟ ਨੂੰ ਸੀਬੀਆਈ ਜਾਂਚ ਦੇ ਹੁਕਮ ਕਿਉਂ ਦੇਣੇ ਪਏ ? ED ਦੇ ਪੱਤਰਾਂ ਤੋਂ ਬਾਅਦ ਵੀ ਪ੍ਰਭਾਵਸ਼ਾਲੀ ਕਾਰਵਾਈ ਕਿਉਂ ਨਹੀਂ ਹੋਈ ?”

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦਫ਼ਤਰ ਨਾਲ ਜੁੜੇ ਵਿਅਕਤੀਆਂ ਸਮੇਤ ਉੱਚ ਅਧਿਕਾਰੀਆਂ ਵਿਰੁੱਧ ਲੱਗੇ ਦੋਸ਼ਾਂ ਨੂੰ ਸਿਰਫ਼ ਸਿਆਸੀ ਬਿਆਨਬਾਜ਼ੀ ਨਾਲ ਖ਼ਾਰਜ ਨਹੀਂ ਕੀਤਾ ਜਾ ਸਕਦਾ। ਇਨ੍ਹਾਂ ਦੋਸ਼ਾਂ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ ਅਤੇ ਸੱਚ ਪੰਜਾਬ ਦੇ ਲੋਕਾਂ ਸਾਹਮਣੇ ਆਉਣਾ ਚਾਹੀਦਾ ਹੈ।

ਪ੍ਰੋ. ਖਿਆਲਾ ਨੇ ਕਿਹਾ, “‘ਆਪ’ ਨੇ ਪੰਜਾਬ ਨੂੰ ਭ੍ਰਿਸ਼ਟਾਚਾਰ ਮੁਕਤ ਕਰਨ ਦਾ ਵਾਅਦਾ ਕੀਤਾ ਸੀ, ਪਰ ਅੱਜ ਸਵਾਲ ਇਹ ਹੈ ਕਿ ਕੀ ਸਰਕਾਰ ਨੇ ਭ੍ਰਿਸ਼ਟਾਚਾਰ ਖ਼ਿਲਾਫ਼ ਪ੍ਰਬੰਧ ਮਜ਼ਬੂਤ ਕੀਤੇ ਜਾਂ ਸਿਰਫ਼ ਆਪਣੇ ਲਈ ਸੜਕਾਂ ’ਤੇ ਬੋਰਡ ਲਗਾਉਦਿਆਂ ‘ਕੱਟੜ ਇਮਾਨਦਾਰੀ’ ਦਾ ਸਰਟੀਫਿਕੇਟ ਆਪ ਹੀ ਜਾਰੀ ਕਰ ਲਿਆ ?”

ਉਨ੍ਹਾਂ ਕਿਹਾ ਕਿ ਹੁਣ ਮਾਮਲਾ ਸਿਰਫ਼ ਸਿਆਸੀ ਦੋਸ਼ਾਂ ਤੱਕ ਸੀਮਤ ਨਹੀਂ ਰਿਹਾ। ਹਾਈ ਕੋਰਟ ਨੇ 329 ਨੂੰ FIR ਦਰਜ ਕਰਕੇ ਜਾਂਚ ਸ਼ੁਰੂ ਕਰਨ ਅਤੇ ਦੋ ਮਹੀਨਿਆਂ ਵਿੱਚ ਰਿਪੋਰਟ ਦੇਣ ਲਈ ਕਿਹਾ ਹੈ। ਇਸ ਲਈ ਸਰਕਾਰ ਨੂੰ ਜਾਂਚ ਵਿੱਚ ਪੂਰਾ ਸਹਿਯੋਗ ਦੇਣਾ ਚਾਹੀਦਾ ਹੈ ਅਤੇ ਕਿਸੇ ਵੀ ਪੱਧਰ ’ਤੇ ਜਾਂਚ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਨਹੀਂ ਹੋਣੀ ਚਾਹੀਦੀ।

> **ਮੁੱਖ ਮੰਤਰੀ ਮਾਨ ਜਵਾਬ ਦੇਣ ਕਿ CMO ਨਾਲ ਜੁੜੇ ਬਦਲੀਆਂ-ਪੋਸਟਿੰਗਾਂ ਦੇ ਕਥਿਤ ਲੈਣ-ਦੇਣ ਦੇ ਗੰਭੀਰ ਦੋਸ਼ਾਂ ’ਤੇ ਕਾਰਵਾਈ ਕਿਉਂ ਨਹੀਂ ਹੋਈ ?**

ਪ੍ਰੋ. ਖਿਆਲਾ ਨੇ ਕਿਹਾ ਕਿ ਭਾਜਪਾ ਪੰਜਾਬ ਦੇ ਲੋਕਾਂ ਦੇ ਪੈਸੇ, ਸਰਕਾਰੀ ਪ੍ਰਬੰਧ ਅਤੇ ਅਹੁਦਿਆਂ ਦੀ ਪਵਿੱਤਰਤਾ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕਰੇਗੀ। ਜੇ ਸੀਬੀਆਈ ਜਾਂਚ ਵਿੱਚ ਕਿਸੇ ਵਿਅਕਤੀ ਦੀ ਭੂਮਿਕਾ ਸਾਹਮਣੇ ਆਉਂਦੀ ਹੈ ਤਾਂ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ, ਭਾਵੇਂ ਉਹ ਕਿੰਨੇ ਵੀ ਉੱਚੇ ਅਹੁਦੇ ’ਤੇ ਕਿਉਂ ਨਾ ਹੋਵੇ। ਉਨ੍ਹਾਂ ਕਿਹਾ, “ਪੰਜਾਬ ਦੇ ਲੋਕ ਹੁਣ ‘ਕੱਟੜ ਇਮਾਨਦਾਰੀ’ ਦੇ ਨਾਅਰੇ ਨਹੀਂ, ਉਸ ਦਾ ਹਿਸਾਬ ਮੰਗ ਰਹੇ ਹਨ। ਹਾਈ ਕੋਰਟ ਦਾ ਫ਼ੈਸਲਾ ਸਪੱਸ਼ਟ ਸੰਦੇਸ਼ ਹੈ—ਸੱਤਾ ਜਾਂ ਅਹੁਦਾ ਜਾਂਚ ਤੋਂ ਉੱਪਰ ਨਹੀਂ। ਹੁਣ ਸੱਚ ਸਾਹਮਣੇ ਆਉਣਾ ਚਾਹੀਦਾ ਹੈ ਅਤੇ ਪੰਜਾਬ ਨੂੰ ਪਤਾ ਲੱਗਣਾ ਚਾਹੀਦਾ ਹੈ ਕਿ ਬਦਲੀਆਂ-ਪੋਸਟਿੰਗਾਂ ਦੇ ਕਥਿਤ ਖੇਡ ਪਿੱਛੇ ਅਸਲ ਵਿੱਚ ਕੌਣ ਸੀ।”

# ਕਥਿਤ ਟਰਾਂਸਫ਼ਰ ਘੋਟਾਲੇ ’ਚ ਮੁੱਖ ਮੰਤਰੀ ਦੇ ਓਐਸਡੀ ਨੂੰ ਵੱਡਾ ਝਟਕਾ, ਹਾਈਕੋਰਟ ਨੇ ਸੀਬੀਆਈ ਜਾਂਚ ਦੇ ਹੁਕਮ ਦਿੱਤੇ

**ਚੰਡੀਗੜ੍ਹ, 5 ਅਕਤੂਬਰ (ਆਵਾਜ਼-ਏ-ਕੌਮ ਬਿਊਰੋ)**-ਪੰਜਾਬ ਦੇ ਮੁੱਖ ਮੰਤਰੀ ਦਫ਼ਤਰ ਨਾਲ ਜੁੜੇ ਕਥਿਤ





ਭ੍ਰਿਸ਼ਟਾਚਾਰ ਦੇ ਮਾਮਲੇ ’ਚ ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਵੱਡਾ ਹੁਕਮ ਸੁਣਾਇਆ ਹੈ। ਹਾਈਕੋਰਟ ਨੇ ਹੁਕਮ ਦਿੱਤਾ ਹੈ ਕਿ ਇਨਫੋਰਸਮੈਂਟ ਡਾਇਰੈਕਟੋਰੇਟ ਵੱਲੋਂ ਪੰਜਾਬ ਦੇ ਡੀਜੀਪੀ ਨੂੰ ਲਿਖੀਆਂ ਗਈਆਂ ਚਿੱਠੀਆਂ ਨਾਲ ਸਬੰਧਤ ਮਾਮਲੇ ਦੀ ਜਾਂਚ ਕੇਂਦਰੀ ਜਾਂਚ ਬਿਊਰੋ ਨੂੰ ਸੌਂਪੀ ਜਾਵੇ। ਅਦਾਲਤ ਨੇ ਸੀਬੀਆਈ ਨੂੰ 2 ਮਹੀਨਿਆਂ ਦੇ ਅੰਦਰ ਸਟੇਟਸ ਰਿਪੋਰਟ ਦਾਖਲ ਕਰਨ ਲਈ ਕਿਹਾ ਹੈ। ਦੱਸਣਯੋਗ ਹੈ ਕਿ ਈ. ਡੀ. ਨੇ ਪੰਜਾਬ ਦੇ ਡੀਜੀਪੀ ਗੌਰਵ ਯਾਦਵ ਨੂੰ 3 ਵੱਖ-ਵੱਖ ਪੱਤਰ ਲਿਖ ਕੇ ਮੁੱਖ ਮੰਤਰੀ ਭਗਵੰਤ ਮਾਨ ਦੇ ਓਐਸਡੀ ਰਾਜਬੀਰ ਸਿੰਘ ਘੁੰਮਣ ਅਤੇ ਉਨ੍ਹਾਂ ਦੇ ਕਰੀਬੀ ਨਿਤਿਨ ਗੋਹਲ ਅਤੇ ਬੀਰ ਦਵਿੰਦਰ ਖ਼ਿਲਾਫ਼ ਐਫਆਈਆਰ ਦਰਜ ਕਰਨ ਦੀ ਮੰਗ ਕੀਤੀ ਸੀ। ਈਡੀ ਦਾ ਦੋਸ਼ ਹੈ ਕਿ ਇਹ ਵਿਅਕਤੀ ਸਰਕਾਰੀ

ਆਵਾਜ਼ਿ ਕੌਮ
AWAZE QAUM
International Newspaper & WEB TV

ਅਧਿਕਾਰੀਆਂ ਦੀਆਂ ਟਰਾਂਸਫ਼ਰ-ਪੋਸਟਿੰਗ ਅਤੇ ਸਰਕਾਰੀ ਟੈਂਡਰਾਂ ਦੀ ਪ੍ਰਕਿਰਿਆ ’ਚ ਦਖ਼ਲ ਦੇ ਕੇ ਭ੍ਰਿਸ਼ਟਾਚਾਰ ਕਰ ਰਹੇ ਸਨ। ਪੰਜਾਬ ਪੁਲਿਸ ਵੱਲੋਂ ਇਸ ਮਾਮਲੇ ’ਚ ਕੋਈ ਕਾਰਵਾਈ ਨਾ ਕਰਨ ਤੋਂ ਬਾਅਦ ਐਡਵੋਕੇਟ ਨਿਖਿਲ ਸਰਾਫ਼ ਵੱਲੋਂ ਹਾਈਕੋਰਟ ’ਚ ਜਨਹਿੱਤ ਪਟੀਸ਼ਨ ਦਾਇਰ ਕੀਤੀ ਗਈ ਸੀ। ਪਟੀਸ਼ਨ ’ਚ ਮੰਗ ਕੀਤੀ ਗਈ ਸੀ ਕਿ ਮਾਮਲੇ ਦੀ ਨਿਰਪੱਖ ਜਾਂਚ ਲਈ ਇਸ ਨੂੰ ਪੰਜਾਬ ਪੁਲਿਸ ਅਤੇ ਵਿਜੀਲੈਂਸ ਤੋਂ ਕੱਢ ਕੇ ਸੀਬੀਆਈ ਨੂੰ ਸੌਂਪਿਆ ਜਾਵੇ। ਇਸ ਪਟੀਸ਼ਨ ’ਤੇ ਸੁਣਵਾਈ ਕਰਦਿਆਂ ਹਾਈਕੋਰਟ ਨੇ ਈਡੀ ਦੀਆਂ ਚਿੱਠੀਆਂ ਵਾਲੇ ਮਾਮਲੇ ਦੀ ਜਾਂਚ ਸੀਬੀਆਈ ਨੂੰ ਸੌਂਪਣ ਦੇ ਹੁਕਮ ਦਿੱਤੇ ਹਨ। ਦੂਜੇ ਪਾਸੇ ਇਸ ਮਾਮਲੇ ਨੂੰ ਲੈ ਕੇ ਵਿਰੋਧੀ ਧਿਰਾਂ ਨੇ ਵੀ ਸਰਕਾਰ ਨੂੰ ਘੇਰਨਾ ਸ਼ੁਰੂ ਕਰ ਦਿੱਤਾ ਹੈ।

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪੰਜਾਬ ਦਾ 'Cash for Postings' ਘੋਟਾਲਾ

# ਹਾਈਕੋਰਟ ਨੇ ਦਿੱਤੇ ਸੀਬੀਆਈ ਜਾਂਚ ਦੇ ਹੁਕਮ




**ਚੰਡੀਗੜ੍ਹ, 5 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ 'ਚ ਸਰਕਾਰੀ ਅਫ਼ਸਰਾਂ ਦੀਆਂ ਟਰਾਂਸਫ਼ਰ-ਪੋਸਟਿੰਗ ਦੇ ਬਦਲੇ ਪੈਸਾ ਲੈਣ ਦੇ ਕਥਿਤ 'Cash for Postings' ਘੋਟਾਲੇ 'ਚ ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਵੱਡੀ ਕਾਰਵਾਈ ਕੀਤੀ ਹੈ। ਹਾਈਕੋਰਟ ਨੇ ਮਾਮਲੇ ਦੀ ਜਾਂਚ ਸੀਬੀਆਈ ਨੂੰ ਸੌਂਪਣ ਦੇ ਹੁਕਮ ਦਿੱਤੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

**ਕੀ ਹੈ ਪੂਰਾ ਮਾਮਲਾ:**

1. ਈ. ਡੀ. ਦੀਆਂ 3 ਚਿੱਠੀਆਂ: ਇਨਫੋਰਸਮੈਂਟ ਡਾਇਰੈਕਟੋਰੇਟ (ਈ. ਡੀ.) ਨੇ ਪੰਜਾਬ ਦੇ ਡੀਜੀਪੀ ਗੌਰਵ ਯਾਦਵ ਨੂੰ 3 ਵਾਰ ਚਿੱਠੀ ਲਿਖ ਕੇ ਕਿਹਾ ਸੀ ਕਿ ਇਸ ਰੈਕੇਟ 'ਚ ਮੁੱਖ ਮੰਤਰੀ ਦਫ਼ਤਰ ਦੇ OSDs ਸ਼ਾਮਲ ਨੇ।

2. ਪੰਜਾਬ ਪੁਲਿਸ ਨੇ ਨਹੀਂ ਕੀਤੀ FIR: ਈ. ਡੀ. ਦੀ ਸ਼ਿਕਾਇਤ ਦੇ ਬਾਵਜੂਦ ਪੰਜਾਬ ਪੁਲਿਸ ਨੇ ਕੋਈ FIR ਦਰਜ ਨਹੀਂ ਕੀਤੀ।

3. ਕਿਨ੍ਹਾਂ ਦਾ ਨਾਂ ਆਇਆ ਸਾਹਮਣੇ: ਈ. ਡੀ. ਦੀਆਂ ਚਿੱਠੀਆਂ 'ਚ CM ਦੇ ਓਐਸਡੀ ਰਾਜਬੀਰ ਸਿੰਘ ਘੁੰਮਣ, ਰੋਮੀ ਮਹਾਜਨ ਅਤੇ ਨਿਤਿਨ ਗੋਹਲ ਦਾ ਜ਼ਿਕਰ ਹੈ। ਦੋਸ਼ ਹੈ ਕਿ ਇਹ ਲੋਕ ਟਰਾਂਸਫ਼ਰ-ਪੋਸਟਿੰਗ ਅਤੇ ਟੈਂਡਰਾਂ ਦੇ ਨਾਂ 'ਤੇ ਪੈਸੇ ਦੀ ਉਗਰਾਹੀ ਕਰ ਰਹੇ ਸਨ।

4. PIL ਤੋਂ ਬਾਅਦ ਹੁਕਮ: ਪੁਲਿਸ ਵੱਲੋਂ ਕਾਰਵਾਈ ਨਾ ਹੋਣ 'ਤੇ ਐਡਵੋਕੇਟ ਨਿਖਿਲ ਸਰਾਫ਼ ਨੇ ਹਾਈਕੋਰਟ 'ਚ PIL ਪਾਈ ਸੀ। ਉਸੇ PIL 'ਤੇ ਸੁਣਵਾਈ ਕਰਦਿਆਂ ਅਦਾਲਤ ਨੇ ਹੁਣ ਕਿਹਾ ਹੈ ਕਿ ਜਾਂਚ ਪੰਜਾਬ ਪੁਲਿਸ ਕੋਲ ਨਹੀਂ, ਸਗੋਂ ਸੀਬੀਆਈ ਕਰੇਗੀ। ਸੀਬੀਆਈ ਨੂੰ 2 ਮਹੀਨਿਆਂ 'ਚ ਰਿਪੋਰਟ ਦੇਣ ਲਈ ਕਿਹਾ ਗਿਆ ਹੈ।

### ਲੁਧਿਆਣਾ 'ਚ ਸਾਬਕਾ ਸਰਪੰਚ ਦੇ ਕਤਲ ਦੀ ਗੁੱਥੀ ਸੁਲਝੀ

# ਭਰਾ ਹੀ ਨਿਕਲਿਆ ਕਾਤਲ

**ਲੁਧਿਆਣਾ, 5 ਅਕਤੂਬਰ (ਆਵਾਜ਼-ਏ-ਕੌਮ)**- ਲੁਧਿਆਣਾ ਦੇ ਲਾਡੋਵਾਲ ਥਾਣਾ ਖੇਤਰ ਅਧੀਨ ਪੈਂਦੇ ਪਿੰਡ ਮੰਨੇਵਾਲ ਦੇ ਸਾਬਕਾ ਸਰਪੰਚ ਨਵਤੇਜ ਸਿੰਘ ਨੀਟੂ (60)

**78 ਏਕੜ ਜੱਦੀ ਜ਼ਮੀਨ ਦਾ ਸੀ ਵਿਵਾਦ, ਡੈਸ਼ਕੈਮ 'ਚ ਕੈਦ ਹੋਈ ਵਾਰਦਾਤ**

ਦੇ ਸਨਸਨੀਖੇਜ਼ ਕਤਲਕਾਂਡ ਨੂੰ ਪੁਲਿਸ ਨੇ ਸੁਲਝਾ ਲਿਆ ਹੈ। ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਨੇ ਖੁਲਾਸਾ ਕੀਤਾ ਕਿ ਇਹ ਕਤਲ ਰਾਜਨੀਤਿਕ ਰੰਜਿਸ਼ ਨਹੀਂ, ਸਗੋਂ 78 ਏਕੜ ਜੱਦੀ ਜ਼ਮੀਨ ਦੀ ਵੰਡ ਨੂੰ ਲੈ ਕੇ ਪਰਿਵਾਰਕ ਵਿਵਾਦ ਦਾ ਨਤੀਜਾ ਹੈ।



**ਕਿਵੇਂ ਹੋਇਆ ਕਤਲ:**-ਸਾਬਕਾ ਸਰਪੰਚ ਸ਼ਨੀਵਾਰ ਸ਼ਾਮ ਆਪਣੀ ਜ਼ਮੀਨ ਤੋਂ ਇਨੋਵਾ ਕਾਰ 'ਚ ਇਕੱਲੇ ਵਾਪਸ ਆ ਰਹੇ ਸਨ। ਲਾਡੋਵਾਲ ਟੋਲ ਪਲਾਜ਼ਾ ਪਾਰ ਕਰਕੇ ਸਾਊਥ ਸਿਟੀ ਰੋਡ ਨੇੜੇ ਪਹਿਲਾਂ ਤੋਂ ਘਾਤ ਲਗਾ ਕੇ ਬੈਠੇ 2 ਬਾਈਕ ਸਵਾਰ ਸ਼ੂਟਰਾਂ ਨੇ ਕਾਰ ਨੂੰ ਘੇਰ ਕੇ ਲਗਭਗ 10 ਗੋਲੀਆਂ ਚਲਾ ਦਿੱਤੀਆਂ। ਗੰਭੀਰ ਜ਼ਖਮੀ ਸਰਪੰਚ ਨੂੰ ਡੀ.ਐੱਮ.ਸੀ. ਹਸਪਤਾਲ ਲਿਜਾਇਆ ਗਿਆ ਜਿੱਥੇ ਉਨ੍ਹਾਂ ਦੀ ਮੌਤ ਹੋ ਗਈ।

**ਡੈਸ਼ਕੈਮ ਬਣਿਆ ਅਹਿਮ ਸਬੂਤ:** ਇਸ ਕਤਲ ਦਾ ਸਭ ਤੋਂ ਵੱਡਾ ਸਬੂਤ ਸਰਪੰਚ ਦੀ ਕਾਰ 'ਚ ਲੱਗਾ ਡੈਸ਼ਬੋਰਡ ਕੈਮਰਾ ਹੈ। ਪੂਰੀ ਵਾਰਦਾਤ ਕੈਮਰੇ 'ਚ ਕੈਦ ਹੋ ਗਈ, ਜਿਸ 'ਚ ਸ਼ੂਟਰਾਂ ਦੇ ਚਿਹਰੇ ਸਾਫ਼ ਦਿਖਾਈ ਦੇ ਰਹੇ ਹਨ। ਪੁਲਿਸ ਨੇ ਇਕ ਸ਼ੂਟਰ ਦੀ ਪਛਾਣ ਕਰ ਲਈ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

**ਜੜ੍ਹ ਦਾਦੇ ਦੇ ਸਮੇਂ ਦੀ:** ਪੁਲਿਸ ਮੁਤਾਬਕ ਦੋਵਾਂ ਪਰਿਵਾਰਾਂ ਦੇ ਦਾਦੇ ਸਕੇ ਭਰਾ ਸਨ। ਇਕ ਕੋਲ 34 ਏਕੜ ਤੇ ਦੂਜੇ ਕੋਲ 44 ਏਕੜ ਜ਼ਮੀਨ ਹੈ। ਇਸ ਜ਼ਮੀਨ ਦਾ ਕੇਸ ਹਾਈਕੋਰਟ ਤੱਕ ਚੱਲ ਰਿਹਾ ਸੀ। ਇਸੇ ਰੰਜਿਸ਼ 'ਚ ਵਿਰੋਧੀ ਪਰਿਵਾਰ ਦੇ ਮੁਖੀ ਨੇ ਸ਼ੂਟਰਾਂ ਨੂੰ ਸੁਪਾਰੀ ਦਿੱਤੀ। ਪੁਲਿਸ ਨੇ 7 ਲੋਕਾਂ ਖਿਲਾਫ ਕਤਲ ਦਾ ਕੇਸ ਦਰਜ ਕਰਕੇ 6 ਵਿਸ਼ੇਸ਼ ਟੀਮਾਂ ਬਣਾਈਆਂ ਹਨ। ਸਾਰੇ ਦੋਸ਼ੀ ਘਰਾਂ ਨੂੰ ਤਾਲੇ ਲਗਾ ਕੇ ਫਰਾਰ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਗੁਰੂ ਨਾਨਕ ਦੇਵ ਜੀ ਦਾ ਜੋਤੀ ਜੋਤ ਦਿਵਸ ਸ਼ਰਧਾ ਨਾਲ ਮਨਾਇਆ ਗਿਆ



**ਨਵੀਂ ਦਿੱਲੀ, 5 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਜੋਤੀ ਜੋਤ ਦਿਵਸ ਪੂਰਨ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਸਬੰਧੀ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਖੇ ਧਾਰਮਿਕ ਦੀਵਾਨ ਸਜਾਏ ਗਏ। ਮੁੱਖ ਸਮਾਗਮ ਗੁਰਦੁਆਰਾ ਨਾਨਕ ਪਿਆਊ ਸਾਹਿਬ ਵਿਖੇ ਹੋਇਆ, ਜਿੱਥੇ ਰਾਗੀ ਸਿੰਘਾਂ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਅਤੇ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਕਿਹਾ ਕਿ ਗੁਰੂ ਸਾਹਿਬਾਨ ਨਾਲ ਸਬੰਧਤ ਦਿਹਾੜੇ ਮਨਾਉਣ ਦਾ ਮੰਤਵ ਨੌਜਵਾਨ ਪੀੜ੍ਹੀ ਨੂੰ ਆਪਣੇ ਇਤਿਹਾਸ ਅਤੇ ਗੁਰਮਤਿ ਸਿਧਾਂਤਾਂ ਨਾਲ ਜੋੜਨਾ ਹੈ। ਉਨ੍ਹਾਂ ਕਿਹਾ ਕਿ ਗੁਰੂ ਨਾਨਕ ਦੇਵ ਜੀ ਨੇ ਮਨੁੱਖਤਾ ਨੂੰ ਇੱਕ ਅਕਾਲ ਪੁਰਖ ਦਾ ਸੰਦੇਸ਼ ਦਿੰਦਿਆਂ ਨਾਮ ਜਪੋ, ਕਿਰਤ ਕਰੋ ਤੇ ਵੰਡ ਛਕੋ ਦਾ ਮਾਰਗ ਦਿਖਾਇਆ। ਉਨ੍ਹਾਂ ਕਿਹਾ ਕਿ ਜੋਤੀ ਜੋਤ ਦਿਵਸ ਮੌਕੇ ਸੰਗਤ ਨਾਲ ਮਿਲ ਕੇ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਗਈ ਕਿ ਕਰਤਾਰਪੁਰ ਸਾਹਿਬ ਲਾਂਘਾ ਮੁੜ ਖੁੱਲ੍ਹੇ, ਤਾਂ ਜੋ ਸੰਗਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰ ਸਕੇ। ਉਨ੍ਹਾਂ ਕਿਹਾ ਕਿ ਗੁਰੂ ਨਾਨਕ ਦੇਵ ਜੀ ਨੇ ਆਪਣੇ ਜੀਵਨ ਦੇ ਆਖ਼ਰੀ 18 ਸਾਲ ਇੱਥੇ ਬਤੀਤ ਕੀਤੇ ਸਨ। ਕਮੇਟੀ ਆਗੂਆਂ ਨੇ ਦੱਸਿਆ ਕਿ ਸੰਗਤਾਂ ਦੇ ਸਹਿਯੋਗ ਨਾਲ ਸਿੱਖਿਆ ਅਤੇ ਸਿਹਤ ਖੇਤਰ ਵਿੱਚ ਵੀ ਕਈ ਉਪਰਾਲੇ ਕੀਤੇ ਗਏ ਹਨ। ਸਕੂਲ ਸਟਾਫ਼ ਦੇ ਲੰਬੇ ਸਮੇਂ ਤੋਂ ਬਕਾਇਆ ਭੁਗਤਾਨ ਕੀਤੇ ਗਏ ਹਨ, ਜਦਕਿ ਬਾਲਾ ਸਾਹਿਬ ਹਸਪਤਾਲ ਵਿੱਚ ਡਾਇਲਸਿਸ ਤੋਂ ਇਲਾਵਾ ਦਿਲ ਦੇ ਰੋਗਾਂ ਅਤੇ ਕੈਂਸਰ ਦੇ ਇਲਾਜ ਦੀਆਂ ਸਹੂਲਤਾਂ ਸ਼ੁਰੂ ਕੀਤੀਆਂ ਗਈਆਂ ਹਨ। ਹਸਪਤਾਲ ਦੀ ਓ.ਪੀ.ਡੀ. ਸੇਵਾ ਮੁਫ਼ਤ ਹੈ। ਉਨ੍ਹਾਂ ਕਿਹਾ ਕਿ ਕਮੇਟੀ ਸੰਗਤਾਂ ਦੇ ਸਹਿਯੋਗ ਨਾਲ ਸਿੱਖਿਆ, ਸਿਹਤ ਅਤੇ ਧਰਮ ਪ੍ਰਚਾਰ ਦੀਆਂ ਸੇਵਾਵਾਂ ਦਾ ਹੋਰ ਵਿਸਥਾਰ ਕਰਨ ਲਈ ਵਚਨਬੱਧ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਸਿੱਖ ਮਿਸ਼ਨ ਦਿੱਲੀ ਵਲੋਂ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਦਿੱਲੀ 'ਚ ਗੁਰਮਤਿ ਸਮਾਗਮਾਂ ਦੀ ਲੜੀ ਆਰੰਭ

ਨਵੀਂ ਦਿੱਲੀ, 5 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ): ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧਾਂ ਹੇਠ ਚੱਲ ਰਹੇ ਸਿੱਖ ਮਿਸ਼ਨ ਦਿੱਲੀ ਵੱਲੋਂ ਦਿੱਲੀ ਪ੍ਰਦੇਸ਼ ਵਿੱਚ ਗੁਰਮਤਿ ਸਮਾਗਮਾਂ ਦੀ ਲੜੀ ਆਰੰਭ ਕੀਤੀ ਗਈ ਹੈ। ਇਸ ਤਹਿਤ ਦਿੱਲੀ ਦੀਆਂ 10 ਤੋਂ ਵੱਧ ਸਿੰਘ ਸਭਾਵਾਂ ਵਿੱਚ ਕਥਾ ਅਤੇ ਗੁਰਮਤਿ ਪ੍ਰਚਾਰ ਸਮਾਗਮ ਕਰਵਾਏ ਜਾਣਗੇ। ਸਿੱਖ ਮਿਸ਼ਨ ਦਿੱਲੀ ਦੇ ਇੰਚਾਰਜ ਭਾਈ ਜਸਵੀਰ ਸਿੰਘ ਲੌਂਗੋਵਾਲ ਨੇ ਦੱਸਿਆ ਕਿ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ. ਸਤਬੀਰ ਸਿੰਘ ਓ.ਐਸ.ਡੀ. ਅਤੇ ਸ. ਭਗਵੰਤ ਸਿੰਘ ਧੰਗੇੜਾ, ਸਕੱਤਰ ਧਰਮ ਪ੍ਰਚਾਰ ਕਮੇਟੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅਤੇ ਸ. ਪਰਮਜੀਤ ਸਿੰਘ ਸਰਨਾ ਤੇ ਸ. ਮਨਜੀਤ ਸਿੰਘ ਜੀ.ਕੇ. ਦੇ ਵਿਸ਼ੇਸ਼ ਸਹਿਯੋਗ ਨਾਲ ਇਹ ਪ੍ਰਚਾਰ ਲੜੀ ਚਲਾਈ ਜਾ ਰਹੀ ਹੈ। ਇਸੇ ਤਹਿਤ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਪਾਂਡਵ ਨਗਰ, ਟੈਗੋਰ ਗਾਰਡਨ ਅਤੇ ਰਾਣੀਬਾਗ ਵਿਖੇ ਗੁਰਮਤਿ ਸਿਖਲਾਈ ਕੈਂਪ ਵੀ ਲਗਾਏ ਜਾਣਗੇ, ਜਿਨ੍ਹਾਂ ਵਿੱਚ ਸਿੱਖਿਆਰਥੀਆਂ ਨੂੰ ਗੁਰਬਾਣੀ ਸੰਥਿਆ, ਗੁਰਮੁਖੀ ਲਿਪੀ, ਸਿੱਖ ਇਤਿਹਾਸ ਅਤੇ ਸਿੱਖ ਰਹਿਤ ਮਰਿਆਦਾ ਦੀ ਸਿਖਲਾਈ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਗੁਰਮਤਿ ਪ੍ਰਚਾਰ ਦੀ ਇਹ ਲੜੀ ਹਰ ਮਹੀਨੇ ਨਿਰੰਤਰ ਜਾਰੀ ਰੱਖੀ ਜਾਵੇਗੀ। ਇਸ ਮੌਕੇ ਭਾਈ ਸੁਖਵੀਰ ਸਿੰਘ ਫਲੌਂਡ, ਭਾਈ ਕਮਲਪ੍ਰੀਤ ਸਿੰਘ, ਭਾਈ ਮਨਪ੍ਰੀਤ ਸਿੰਘ, ਭਾਈ ਰਣਜੋਤ ਸਿੰਘ, ਭਾਈ ਨਰਿੰਦਰ ਸਿੰਘ ਅਤੇ ਭਾਈ ਪਰਮਿੰਦਰਪਾਲ ਸਿੰਘ ਸਮੇਤ ਪ੍ਰਚਾਰਕ ਸਿੰਘ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਪਵਨਦੀਪ ਸ਼ਰਮਾ ਨੂੰ ਪੰਜਾਬ ਪ੍ਰਧਾਨ ਲਾਇਆ ਗਿਆ



**ਧੂਰੀ ( ਰਣਜੀਤ ਸਿੰਘ ਪੇਧਨੀ )**-ਆਲ ਇੰਡੀਆ ਸਤੁੰਤਰਤਾ ਸੈਲਾਨੀ ਉਤਰਾਧਿਕਾਰੀ ਪਰਿਵਾਰ ਸੰਸਥਾ ਦੇ ਪ੍ਰਧਾਨ ਜਤਿੰਦਰ ਰਘੂ ਵੰਸੀ ਵੱਲੋਂ ਪੰਜਾਬ ਅੰਦਰ ਇੱਕ ਵੱਡੀ ਨਿਯੁੱਕਤੀ ਕਰਦੇ ਹੋਏ ਪਵਨਦੀਪ ਸ਼ਰਮਾ ਨੂੰ ਪੰਜਾਬ ਮਹਿਲਾ ਵਿੰਗ ਦਾ ਪ੍ਰਧਾਨ ਨਿਯੁੱਕਤ ਕੀਤਾ ਹੈ। ਇਸ ਸਬੰਧੀ ਨਵ ਨਿੱਯੁਕਤ ਪ੍ਰਧਾਨ ਪਵਨਦੀਪ ਸ਼ਰਮਾ ਨੇ ਕਿਹਾ ਉਹ ਮਿਲੀ ਜ਼ਿੰਮੇਵਾਰੀ ਨੂੰ ਮਿਹਨਤ ਤੇ ਇਮਾਨਦਾਰੀ ਨਾਲ ਨਿਭਾਉਣਗੇ ਤੇ ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਸਤੁੰਤਰਤਾ ਸੈਲਾਨੀ ਪਰਿਵਾਰਾਂ ਦੀਆਂ ਮੰਗਾਂ ਨੂੰ ਮਨਾਉਣ ਲਈ ਸਖ਼ਤ ਮਿਹਨਤ ਕਰੇਗੀ। ਉਨ੍ਹਾਂ ਕਿਹਾ ਕਿ ਉਹ ਜਲਦੀ ਹੀ ਸਤੁੰਤਰਤਾ ਸੈਲਾਨੀ ਪਰਿਵਾਰਾਂ ਨੂੰ ਮਿਲਣਗੇ ਤੇ ਉਨ੍ਹਾਂ ਦੀਆਂ ਮੁਸਕਲਾਂ ਸੁਣਕੇ ਉਨ੍ਹਾਂ ਦੇ ਹੱਲ ਲਈ ਸਰਕਾਰ ਤੱਕ ਪਹੁੰਚ ਕਰਨਗੇ। ਪਵਨਦੀਪ ਸ਼ਰਮਾ ਨਿਯੁੱਕਤੀ ਪੱਤਰ ਲੈਂਦੇ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV

### ਓ.ਐਸ.ਡੀ. ਸੁਖਵੀਰ ਸਿੰਘ ਨੇ ਧੂਰੀ ਵਿੱਚ

# 1.17 ਕਰੋੜ ਰੁਪਏ ਤੋਂ ਵੱਧ ਦੇ ਵਿਕਾਸ ਕਾਰਜਾਂ ਦੀ ਕਰਵਾਈ ਸ਼ੁਰੂਆਤ



**ਧੂਰੀ ( ਰਣਜੀਤ ਸਿੰਘ ਪੇਧਨੀ )**-ਧੂਰੀ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਹੋਰ ਬਿਹਤਰ ਬਣਾਉਣ ਲਈ ਵਿਕਾਸ ਕਾਰਜਾਂ ਨੂੰ ਲਗਾਤਾਰ ਅੱਗੇ ਵਧਾਇਆ ਜਾ ਰਿਹਾ ਹੈ। ਇਸੇ ਤਹਿਤ ਅੱਜ ਵਾਰਡ ਨੰਬਰ 7 ਅਤੇ 8 ਵਿੱਚ ਕੁੱਲ 97.78 ਲੱਖ ਰੁਪਏ ਦੀ ਲਾਗਤ ਵਾਲੇ ਵੱਖ-ਵੱਖ ਵਿਕਾਸ ਕਾਰਜਾਂ ਦੀ ਸ਼ੁਰੂਆਤ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਕਰਵਾਈ ਗਈ। ਇਸ ਦੇ ਨਾਲ ਹੀ ਕੰਸਟਰਕਸ਼ਨ ਵਰਕਰਾਂ ਲਈ 20 ਲੱਖ ਰੁਪਏ ਦੀ ਮੁੱਖ ਮੰਤਰੀ ਗ੍ਰਾਂਟ ਨਾਲ ਸ਼ੈੱਡ ਬਣਾਉਣ ਦਾ ਕੰਮ ਵੀ ਸ਼ੁਰੂ ਕੀਤਾ ਗਿਆ। ਇਸ ਮੌਕੇ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ਹਿਰਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਧੂਰੀ ਦੇ ਸਰਬਪੱਖੀ ਵਿਕਾਸ ਲਈ ਲੋੜ ਅਨੁਸਾਰ ਵੱਖ-ਵੱਖ ਖੇਤਰਾਂ ਵਿੱਚ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਲੋਕਾਂ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦਿਆਂ ਵਿਕਾਸ ਦੀ ਗਤੀ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਵਾਰਡ ਨੰਬਰ 7 ਵਿੱਚ ਸੜਕਾਂ ਦੀ ਮੁਰੰਮਤ ਤੇ ਨਵੀਨੀਕਰਨ, ਪੀ.ਵੀ.ਸੀ. ਪਾਈਪਾਂ ਅਤੇ ਰੋਡ ਗਲੀ ਚੈਂਬਰਾਂ ਨਾਲ ਸਬੰਧਤ ਕੰਮ 31.57 ਲੱਖ ਰੁਪਏ ਦੀ ਮੁੱਖ ਮੰਤਰੀ ਗ੍ਰਾਂਟ ਨਾਲ ਕਰਵਾਏ ਜਾਣਗੇ। ਇਸ ਤੋਂ ਇਲਾਵਾ ਇੰਟਰਲਾਕਿੰਗ ਟਾਈਲਾਂ, ਪੀ.ਵੀ.ਸੀ. ਪਾਈਪਾਂ ਅਤੇ ਰੋਡ ਗਲੀ ਚੈਂਬਰਾਂ ਦਾ ਕੰਮ 38.81 ਲੱਖ ਰੁਪਏ ਦੀ ਲਾਗਤ ਨਾਲ ਐੱਮ.ਡੀ.ਐੱਫ.-3 ਤਹਿਤ ਸ਼ੁਰੂ ਕੀਤਾ ਗਿਆ ਹੈ। ਵਾਰਡ ਨੰਬਰ 8 ਵਿੱਚ ਸੜਕਾਂ ਦੀ ਮੁਰੰਮਤ ਅਤੇ ਪਾਈਪਾਂ ਨਾਲ ਸਬੰਧਤ ਕੰਮ 19.32 ਲੱਖ ਰੁਪਏ ਦੀ ਮੁੱਖ ਮੰਤਰੀ ਗ੍ਰਾਂਟ ਨਾਲ ਕਰਵਾਇਆ ਜਾਵੇਗਾ। ਇਸ ਤੋਂ ਇਲਾਵਾ ਇੰਟਰਲਾਕਿੰਗ ਟਾਈਲਾਂ, ਪੀ.ਵੀ.ਸੀ. ਪਾਈਪਾਂ ਅਤੇ ਰੋਡ ਗਲੀ ਚੈਂਬਰਾਂ ਦਾ ਕੰਮ 8.08 ਲੱਖ ਰੁਪਏ ਦੀ ਲਾਗਤ ਨਾਲ ਐੱਮ.ਡੀ.ਐੱਫ.-3 ਤਹਿਤ ਸ਼ੁਰੂ ਕੀਤਾ ਗਿਆ ਹੈ। ਕੰਸਟਰਕਸ਼ਨ ਲੇਬਰ ਯੂਨੀਅਨ ਧੂਰੀ ਦੇ ਸ਼ੈੱਡ ਲਈ ਮੁੱਖ ਮੰਤਰੀ ਗ੍ਰਾਂਟ ਤਹਿਤ 20 ਲੱਖ ਰੁਪਏ ਦੀ ਲਾਗਤ ਨਾਲ ਕੰਮ ਸ਼ੁਰੂ ਕਰਵਾਇਆ ਗਿਆ ਹੈ। ਇਸ ਨਾਲ ਕੰਸਟਰਕਸ਼ਨ ਵਰਕਰਾਂ ਨੂੰ ਆਪਣੇ ਕੰਮ ਨਾਲ ਸਬੰਧਤ ਗਤੀਵਿਧੀਆਂ ਲਈ ਬਿਹਤਰ ਸਹੂਲਤ ਮਿਲ ਸਕੇਗੀ। ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਵਿਕਾਸ ਕਾਰਜਾਂ ਦੀ ਗੁਣਵੱਤਾ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਨਹੀਂ ਕੀਤਾ ਜਾਵੇਗਾ ਅਤੇ ਸਾਰੇ ਕੰਮ ਨਿਰਧਾਰਤ ਮਾਪਦੰਡਾਂ ਅਨੁਸਾਰ ਸਮੇਂ ਸਿਰ ਮੁਕੰਮਲ ਕਰਵਾਉਣ ਨੂੰ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਧੂਰੀ ਦੇ ਹਰ ਖੇਤਰ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨਾ ਅਤੇ ਲੋਕਾਂ ਦੀਆਂ ਜ਼ਰੂਰਤਾਂ ਅਨੁਸਾਰ ਵਿਕਾਸ ਕਰਵਾਉਣਾ ਸਰਕਾਰ ਦੀ ਤਰਜੀਹ ਹੈ। ਇਸ ਮੌਕੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਮੈਂਬਰ ਵਕਫ ਬੋਰਡ ਡਾ. ਅਨਵਰ ਭਸੌੜ, ਮੈਂਬਰ ਫੂਡ ਕਮਿਸ਼ਨ ਜਸਵੀਰ ਸਿੰਘ ਸੇਖੋਂ, ਜਤਿੰਦਰ ਸਿੰਘ ਸੋਨੀ ਮੰਡੇਰ, ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਰਛਪਾਲ ਸਿੰਘ ਭੁੱਲਰ, ਰੂਬਲ ਬਾਜਵਾ, ਸਿਮਰਨ ਕੌਰ ਐਮਸੀ , ਰਾਜੀਵ ਚੌਧਰੀ ਐਮਸੀ, ਅਸਵਨੀ ਧੀਰ ਐਮਸੀ, ਜੁਗਨੂੰ ਸਲੀਮ ਨਰੇਸ਼ ਸਿੰਗਲਾ ਸਮੇਤ ਵੱਡੀ ਗਿਣਤੀ ਨਗਰ ਕੌਂਸਲ ਧੂਰੀ ਦੇ ਮੈਂਬਰ ਵੀ ਮੌਜੂਦ ਸਨ।

☛ ਧੂਰੀ ਦੇ ਵਾਰਡ 7 ਤੇ 8 ਵਿੱਚ 97.78 ਲੱਖ ਰੁਪਏ ਦੇ ਵਿਕਾਸ ਕਾਰਜਾਂ ਦਾ ਆਗਾਜ਼

☛ 20 ਲੱਖ ਰੁਪਏ ਦੀ ਲਾਗਤ ਨਾਲ ਕੰਸਟਰਕਸ਼ਨ ਵਰਕਰ ਸ਼ੈੱਡ ਦਾ ਕੰਮ ਵੀ ਸ਼ੁਰੂ

### ਓ.ਐਸ.ਡੀ. ਸੁਖਵੀਰ ਸਿੰਘ ਨੇ 27.63 ਲੱਖ ਰੁਪਏ ਦੀ ਲਾਗਤ ਨਾਲ

# ਤਿਆਰ ਇਨਡੋਰ ਸਪੋਰਟਸ ਹਾਲ ਦਾ ਕੀਤਾ ਉਦਘਾਟਨ

**ਧੂਰੀ ( ਰਣਜੀਤ ਸਿੰਘ ਪੇਧਨੀ )**-ਧੂਰੀ ਸ਼ਹਿਰ ਵਿੱਚ ਖੇਡ ਸਹੂਲਤਾਂ ਦੇ ਵਿਸਥਾਰ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਉਦੇਸ਼ ਨਾਲ ਸਬਜ਼ੀ ਮੰਡੀ ਧੂਰੀ ਵਿਖੇ ਐੱਮ.ਸੀ. ਪਾਰਕ ਨਾਲ ਲੱਗਦੇ ਇਨਡੋਰ ਸਪੋਰਟਸ ਹਾਲ ਦਾ 27.63 ਲੱਖ ਰੁਪਏ ਦੀ ਲਾਗਤ ਨਾਲ ਅਪਗ੍ਰੇਡੇਸ਼ਨ ਕਰਕੇ ਬੈਡਮਿੰਟਨ ਕੋਰਟ ਤਿਆਰ ਕੀਤੇ ਗਏ ਹਨ। ਇਨ੍ਹਾਂ ਦਾ ਉਦਘਾਟਨ ਅੱਜ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਕੀਤਾ ਗਿਆ। ਇਸ ਮੌਕੇ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਖਿਡਾਰੀਆਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।







### ਬੈਡਮਿੰਟਨ ਕੋਰਟਾਂ ਨਾਲ ਖਿਡਾਰੀਆਂ, ਨੌਜਵਾਨਾਂ, ਮਹਿਲਾਵਾਂ ਤੇ ਸੀਨੀਅਰ ਸਿਟੀਜ਼ਨਾਂ ਨੂੰ ਮਿਲੇਗੀ ਬਿਹਤਰ ਖੇਡ ਸਹੂਲਤ

ਉਨ੍ਹਾਂ ਕਿਹਾ ਕਿ ਧੂਰੀ ਦੇ ਸਰਬਪੱਖੀ ਵਿਕਾਸ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਵੀ ਲੋੜੀਂਦਾ ਬੁਨਿਆਦੀ ਢਾਂਚਾ ਵਿਕਸਤ ਕੀਤਾ ਜਾ ਰਿਹਾ ਹੈ, ਤਾਂ ਜੋ ਸਥਾਨਕ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਲਈ ਵਧੀਆ ਮਾਹੌਲ ਮਿਲ ਸਕੇ। ਉਨ੍ਹਾਂ ਕਿਹਾ ਕਿ ਨਵੇਂ ਤਿਆਰ ਕੀਤੇ ਬੈਡਮਿੰਟਨ ਕੋਰਟਾਂ ਦਾ ਲਾਭ ਧੂਰੀ ਦੇ ਖਿਡਾਰੀਆਂ, ਬੱਚਿਆਂ ਅਤੇ ਹੋਰ ਖੇਡ ਪ੍ਰੇਮੀਆਂ ਨੂੰ ਮਿਲੇਗਾ। ਚੈਂਪੀਅਨਸ਼ਿਪਾਂ ਦੀ ਤਿਆਰੀ ਕਰ ਰਹੇ ਬੱਚਿਆਂ ਲਈ ਸਵੇਰ ਅਤੇ ਸ਼ਾਮ ਦੇ ਸਮੇਂ ਕੋਚਿੰਗ ਦੀ ਸਹੂਲਤ ਮੁਹੱਈਆ ਕਰਵਾਈ ਜਾਵੇਗੀ। ਖਿਡਾਰੀਆਂ ਅਤੇ ਸਬੰਧਤ ਐਸੋਸੀਏਸ਼ਨ ਦੇ ਮੈਂਬਰਾਂ ਲਈ ਆਈ.ਡੀ. ਤਿਆਰ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਸੀਨੀਅਰ ਸਿਟੀਜ਼ਨਾਂ ਲਈ ਵੀ ਵਿਸ਼ੇਸ਼ ਸਮਾਂ ਨਿਰਧਾਰਤ ਕੀਤਾ ਜਾਵੇਗਾ, ਜਦਕਿ ਮਹਿਲਾਵਾਂ ਲਈ ਸਵੇਰੇ 11 ਵਜੇ ਤੋਂ ਦੁਪਹਿਰ 2 ਵਜੇ ਤੱਕ ਵਿਸ਼ੇਸ਼ ਸਮਾਂ ਰੱਖਿਆ ਜਾਵੇਗਾ। ਇਸ ਸਬੰਧੀ ਵਿਸਥਾਰਤ ਸਮਾਂ-ਸਾਰਣੀ ਜਲਦ ਤਿਆਰ ਕਰਕੇ ਜਾਰੀ ਕੀਤੀ ਜਾਵੇਗੀ। ਨਗਰ ਕੌਂਸਲ ਧੂਰੀ ਦੀ ਪ੍ਰਧਾਨ ਸ੍ਰੀਮਤੀ ਅਮਰਜੋਤ ਕੌਰ ਬਾਜਵਾ ਨੇ ਕਿਹਾ ਕਿ ਬੈਡਮਿੰਟਨ ਕੋਰਟਾਂ ਦੀ ਵਰਤੋਂ ਲਈ ਜਲਦ ਹੀ ਸਮਾਂ-ਸਾਰਣੀ ਤਿਆਰ ਕੀਤੀ ਜਾਵੇਗੀ, ਤਾਂ ਜੋ ਹਰ ਵਰਗ ਦੇ ਲੋਕਾਂ ਨੂੰ ਇਸ ਖੇਡ ਸਹੂਲਤ ਦਾ ਸੁਚੱਜੇ ਢੰਗ ਨਾਲ ਲਾਭ ਮਿਲ ਸਕੇ। ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਧੂਰੀ ਵਿੱਚ ਖੇਡ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਨ ਦੇ ਨਾਲ-ਨਾਲ ਸ਼ਹਿਰ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਵੀ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਧੂਰੀ ਨੂੰ ਵਿਕਾਸ ਪੱਖੋਂ ਹੋਰ ਮਜ਼ਬੂਤ ਬਣਾਉਣ ਲਈ ਲੋੜ ਅਨੁਸਾਰ ਹਰ ਸੰਭਵ ਉਪਰਾਲਾ ਕੀਤਾ ਜਾਵੇਗਾ। ਇਸ ਮੌਕੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁਲੀ, ਮੈਂਬਰ ਵਕਫ ਬੋਰਡ ਡਾ. ਅਨਵਰ ਭਸੌੜ, ਮੈਂਬਰ ਫੂਡ ਕਮਿਸ਼ਨ ਜਸਵੀਰ ਸਿੰਘ ਸੇਖੋਂ, ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਰਛਪਾਲ ਸਿੰਘ ਭੁੱਲਰ, ਰੂਬਲ ਬਾਜਵਾ, ਗਗਨ ਜਵੰਦਾ, ਅਸਵਨੀ ਧੀਰ ਐਮਸੀ, ਰਾਜੀਵ ਚੌਧਰੀ ਐਮਸੀ, ਮਨੀਸ਼ ਜਿੰਦਲ ਐਮ ਸੀ, ਦਰਸਨ ਕੁਮਾਰ ਐਮਸੀ, ਸਿਮਰਨ ਕੌਰ ਐਮ ਸੀ, ਅਜੈਬ ਸਿੰਘ ਹੈਪੀ ਐਮਸੀ, ਜਸਵੀਰ ਸਿੰਘ ਐਮਸੀ ਹਾਜ਼ਰ ਸਨ।

## ਬੇਅਦਬੀਆਂ ਨਾ ਰੁਕੀਆਂ ਤਾਂ ਸ਼ਖ਼ਤ ਕਾਨੂੰਨ ਦਾ ਕੀ ਲਾਭ ? 597 ਕੇਸਾਂ 'ਚ ਸਿਰਫ਼ 44 ਸਜ਼ਾਵਾਂ; ਨਵਾਂ ਕਾਨੂੰਨ ਲਾਗੂ ਹੋਣ ਤੋਂ ਬਾਅਦ ਵੀ ਬੇਅਦਬੀਆਂ ਜਾਰੀ: ਸਰਦਾਰ ਸੰਤ ਮੀਤ ਸਿੰਘ

### ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਨਵੇਂ ਕਾਨੂੰਨ ਦੀਆਂ ਕੁਝ ਧਾਰਾਵਾਂ 'ਤੇ ਇਤਰਾਜ਼ ਉਠਾਉਣਾ ਪੂਰੀ ਤਰ੍ਹਾਂ ਜਾਇਜ਼



**ਨਵੀਂ ਦਿੱਲੀ 5 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:-ਪੰਜਾਬ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਰੋਕਣ ਲਈ ਸਖ਼ਤ ਕਾਨੂੰਨ ਲਿਆਉਣ ਦੇ ਭਗਵੰਤ ਮਾਨ ਸਰਕਾਰ ਦੇ ਦਾਅਵਿਆਂ ਦੇ ਬਾਵਜੂਦ ਬੇਅਦਬੀਆਂ ਦਾ ਸਿਲਸਿਲਾ ਨਾ ਰੁਕਣਾ ਸਰਕਾਰ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਜਨਕਪੁਰੀ ਵਾਰਡ ਨੰਬਰ 32 ਤੋਂ ਚੋਣ ਉਮੀਦਵਾਰ ਸਰਦਾਰ ਸੰਤ ਮੀਤ ਸਿੰਘ ਨੇ ਕਿਹਾ ਕਿ 2015 ਤੋਂ 28 ਫਰਵਰੀ 2026 ਤੱਕ 597 ਬੇਅਦਬੀ ਕੇਸਾਂ ਵਿੱਚ 791 ਮੁਲਜ਼ਮਾਂ ਦੀ ਪਛਾਣ ਅਤੇ 544 ਗ੍ਰਿਫ਼ਤਾਰੀਆਂ ਹੋਣ ਦੇ ਬਾਵਜੂਦ ਸਿਰਫ਼ 44 ਮਾਮਲਿਆਂ ਵਿੱਚ ਦੋਸ਼ ਸਾਬਤ ਹੋਏ, ਜਦਕਿ ਸਜ਼ਾ ਦੀ ਦਰ ਕਰੀਬ 7 ਫ਼ੀਸਦੀ ਰਹੀ। ਸਰਦਾਰ ਸੰਤ ਮੀਤ ਸਿੰਘ ਨੇ ਕਿਹਾ ਕਿ ਇਹ ਅੰਕੜੇ ਦੱਸਦੇ ਹਨ ਕਿ ਸਰਕਾਰ ਲਈ ਅਸਲ ਚੁਣੌਤੀ ਨਵਾਂ ਕਾਨੂੰਨ ਬਣਾਉਣਾ ਨਹੀਂ, ਬੇਅਦਬੀ ਕਰਨ ਵਾਲਿਆਂ ਨੂੰ ਸਜ਼ਾ ਦਿਵਾਉਣਾ ਹੈ। ਸਰਦਾਰ ਸੰਤ ਮੀਤ ਸਿੰਘ ਨੇ ਕਿਹਾ ਕਿ 20 ਅਪ੍ਰੈਲ 2026 ਨੂੰ ਨਵਾਂ ਸਤਿਕਾਰ ਕਾਨੂੰਨ ਲਾਗੂ ਹੋਣ ਤੋਂ ਬਾਅਦ ਵੀ ਹਾਲਾਤ ਨਹੀਂ ਬਦਲੇ। ਜੁਲਾਈ ਤੱਕ ਨਵੇਂ ਐਕਟ ਅਧੀਨ 4 ਐੱਫਆਈਆਰਾਂ ਅਤੇ ਇੱਕ ਗ੍ਰਿਫ਼ਤਾਰੀ ਦੀ ਪੁਲਿਸ ਵੱਲੋਂ ਪੁਸ਼ਟੀ ਹੋਈ ਸੀ। ਇਸ ਤੋਂ ਬਾਅਦ ਸਤੰਬਰ ਵਿੱਚ ਘੱਟੋ-ਘੱਟ ਤਿੰਨ ਨਵੀਆਂ ਬੇਅਦਬੀ ਘਟਨਾਵਾਂ ਸਾਹਮਣੇ ਆਈਆਂ—ਸ੍ਰੀ ਹਰਿਮੰਦਰ ਸਾਹਿਬ ਕੰਪਲੈਕਸ ਵਿੱਚ ਗੁਟਕਾ ਸਾਹਿਬ ਦੇ ਅੰਗਾਂ ਦੀ ਬੇਅਦਬੀ ਅਤੇ ਪਟਿਆਲਾ ਵਿੱਚ ਇੱਕੋ ਦਿਨ ਗੁਟਕਾ ਸਾਹਿਬ ਦੇ 100 ਤੋਂ ਵੱਧ ਪਾਟੇ ਹੋਏ ਅੰਗਾਂ ਨਾਲ ਸਬੰਧਤ ਦੋ ਮਾਮਲੇ। ਸਰਦਾਰ ਸੰਤ ਮੀਤ ਸਿੰਘ ਨੇ ਕਿਹਾ ਕਿ 2026 ਵਿੱਚ ਫਰਵਰੀ ਤੱਕ ਦਰਜ 9 ਕੇਸਾਂ ਤੋਂ ਇਲਾਵਾ ਬਾਅਦ ਦੇ ਮਹੀਨਿਆਂ ਵਿੱਚ ਸਾਹਮਣੇ ਆਏ ਮਾਮਲੇ ਇਹ ਸਪੱਸ਼ਟ ਕਰਦੇ ਹਨ ਕਿ ਸਖ਼ਤ ਕਾਨੂੰਨ ਦੇ ਐਲਾਨ ਨਾਲ ਬੇਅਦਬੀ ਕਰਨ ਵਾਲਿਆਂ ਵਿੱਚ ਕੋਈ ਖ਼ੌਫ਼ ਪੈਦਾ ਨਹੀਂ ਹੋਇਆ। ਸਰਕਾਰ ਨੂੰ ਦੱਸਣਾ ਚਾਹੀਦਾ ਹੈ ਕਿ ਨਵੇਂ ਕਾਨੂੰਨ ਤੋਂ ਬਾਅਦ ਇੱਕ ਵੀ ਮਾਮਲੇ ਵਿੱਚ ਅਦਾਲਤੀ ਸਜ਼ਾ ਕਿਉਂ ਨਹੀਂ ਹੋਈ..? ਸਰਦਾਰ ਸੰਤ ਮੀਤ ਸਿੰਘ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਨਵੇਂ ਕਾਨੂੰਨ ਦੀਆਂ ਕੁਝ ਧਾਰਾਵਾਂ 'ਤੇ ਇਤਰਾਜ਼ ਉਠਾਉਣਾ ਪੂਰੀ ਤਰ੍ਹਾਂ ਜਾਇਜ਼ ਹੈ ਅਤੇ ਸਰਕਾਰ ਨੂੰ ਇਸ ਨੂੰ ਸਿਆਸੀ ਟਕਰਾਅ ਦਾ ਮੁੱਦਾ ਬਣਾਉਣ ਦੀ ਬਜਾਏ ਸਿੱਖ ਸੰਸਥਾਵਾਂ ਨਾਲ ਸਹਿਮਤੀ ਬਣਾਉਣੀ ਚਾਹੀਦੀ ਹੈ। ਜਦੋਂ ਇੱਕ ਪਾਸੇ ਪੁਰਾਣੇ 597 ਮਾਮਲਿਆਂ ਵਿੱਚ ਕੇਵਲ 44 ਦੋਸ਼ ਸਾਬਤ ਹੋਏ ਹੋਣ ਅਤੇ ਦੂਜੇ ਪਾਸੇ ਨਵੇਂ ਕਾਨੂੰਨ ਤੋਂ ਬਾਅਦ ਵੀ ਬੇਅਦਬੀਆਂ ਜਾਰੀ ਹੋਣ ਤਾਂ ਸਿਰਫ਼ ਸਖ਼ਤ ਧਾਰਾਵਾਂ ਦਾ ਐਲਾਨ ਕਰਕੇ ਸਰਕਾਰ ਆਪਣੀ ਜ਼ਿੰਮੇਵਾਰੀ ਤੋਂ ਨਹੀਂ ਬਚ ਸਕਦੀ। ਸਰਦਾਰ ਸੰਤ ਮੀਤ ਸਿੰਘ ਨੇ ਕਿਹਾ ਕਿ ਕਾਨੂੰਨ ਦਾ ਵਿਰੋਧ ਬੇਅਦਬੀ ਕਰਨ ਵਾਲਿਆਂ ਦੇ ਹੱਕ ਵਿੱਚ ਨਹੀਂ, ਸਗੋਂ ਅਜਿਹੇ ਕਾਨੂੰਨ ਦੀਆਂ ਇਤਰਾਜ਼ਯੋਗ ਧਾਰਾਵਾਂ ਅਤੇ ਸਿੱਖ ਸੰਸਥਾਵਾਂ ਦੀ ਸਹਿਮਤੀ ਤੋਂ ਬਿਨਾਂ ਕੀਤੇ ਸਰਕਾਰੀ ਦਖ਼ਲ ਦਾ ਵਿਰੋਧ ਹੈ। ਉਨ੍ਹਾਂ ਮੰਗ ਕੀਤੀ ਕਿ ਹਰ ਬੇਅਦਬੀ ਕੇਸ ਦੀ ਸਮਾਂਬੱਧ ਜਾਂਚ, ਦੋਸ਼ੀਆਂ ਦੀ ਗ੍ਰਿਫ਼ਤਾਰੀ ਅਤੇ ਅਦਾਲਤੀ ਸਜ਼ਾ ਯਕੀਨੀ ਬਣਾਈ ਜਾਵੇ, ਨਹੀਂ ਤਾਂ ਸਖ਼ਤ ਕਾਨੂੰਨ ਵੀ ਸਿਰਫ਼ ਸਰਕਾਰੀ ਕਾਗਜ਼ਾਂ ਤੱਕ ਸੀਮਤ ਰਹਿ ਜਾਵੇਗਾ।

## ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਨੂੰ ਰੋਕਣ ਲਈ ਠੋਸ ਕਦਮਾਂ ਦੀ ਲੋੜ



ਮਾਣਕਮਾਜਰਾ ਨਾਲ ਸਬੰਧਤ ਇੱਕ ਨੌਜਵਾਨ ਦੀ ਮੌਤ ਬਾਰੇ ਸਾਹਮਣੇ ਆਈ ਦੁਖਦਾਈ ਜਾਣਕਾਰੀ ਨੇ ਸਮਾਜ ਦੇ ਹਰ ਸੰਵੇਦਨਸ਼ੀਲ ਵਿਅਕਤੀ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਨੌਜਵਾਨ ਉਮਰ ਵਿੱਚ ਕਿਸੇ ਪਰਿਵਾਰ ਦੇ ਪੁੱਤਰ ਦਾ ਚਲੇ ਜਾਣਾ ਸਿਰਫ਼ ਇੱਕ ਪਰਿਵਾਰ ਦਾ ਨੁਕਸਾਨ ਨਹੀਂ ਹੁੰਦਾ, ਸਗੋਂ ਪੂਰੇ ਸਮਾਜ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ।

ਇਸ ਦੁੱਖ ਦੀ ਘੜੀ ਵਿੱਚ ਅਸੀਂ ਮ੍ਰਿਤਕ ਨੌਜਵਾਨ ਦੇ ਪਰਿਵਾਰ ਨਾਲ ਦਿਲੋਂ ਹਮਦਰਦੀ ਪ੍ਰਗਟ ਕਰਦੇ ਹਾਂ ਅਤੇ ਅਰਦਾਸ ਕਰਦੇ ਹਾਂ ਕਿ ਪਰਿਵਾਰ ਨੂੰ ਇਹ ਅਸਹਿਣਯੋਗ ਦੁੱਖ ਸਹਿਣ ਦਾ ਹੌਸਲਾ ਮਿਲੇ।

ਸੋਸ਼ਲ ਮੀਡੀਆ 'ਤੇ ਚੱਲ ਰਹੀ ਵੀਡੀਓ ਵਿੱਚ ਘਟਨਾ ਨੂੰ ਨਸ਼ੇ ਦੀ ਸਮੱਸਿਆ ਨਾਲ ਜੋੜ ਕੇ ਦਰਸਾਇਆ ਜਾ ਰਿਹਾ ਹੈ। ਹਾਲਾਂਕਿ ਘਟਨਾ ਨਾਲ ਸਬੰਧਤ ਪੂਰੇ ਤੱਥਾਂ ਦੀ ਪੁਲਿਸ ਅਤੇ ਪ੍ਰਸ਼ਾਸਨ ਵੱਲੋਂ ਪੁਸ਼ਟੀ ਹੋਣੀ ਜ਼ਰੂਰੀ ਹੈ। ਇਸ ਲਈ ਅਸੀਂ ਅਪੀਲ ਕਰਦੇ ਹਾਂ ਕਿ ਬਿਨਾਂ ਪੁਸ਼ਟੀ ਕਿਸੇ ਵਿਅਕਤੀ ਜਾਂ ਪਰਿਵਾਰ ਬਾਰੇ ਦੋਸ਼ ਜਾਂ ਇਲਜ਼ਾਮ ਨਾ ਲਗਾਏ ਜਾਣ।

ਪਰ ਇਸ ਘਟਨਾ ਨੇ ਪੰਜਾਬ ਵਿੱਚ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਸਰਕਾਰ, ਪ੍ਰਸ਼ਾਸਨ, ਪੁਲਿਸ, ਸਿਹਤ ਵਿਭਾਗ, ਪੰਚਾਇਤਾਂ, ਧਾਰਮਿਕ ਸੰਸਥਾਵਾਂ ਅਤੇ ਸਮਾਜਿਕ ਜਥੇਬੰਦੀਆਂ ਦੀ ਸਾਂਝੀ ਜ਼ਿੰਮੇਵਾਰੀ ਨੂੰ ਮੁੜ ਸਾਹਮਣੇ ਲਿਆਂਦਾ ਹੈ।

ਸਾਡੀਆਂ ਮੰਗਾਂ ਹਨ:

1. ਇਸ ਘਟਨਾ ਦੀ ਨਿਰਪੱਖ ਅਤੇ ਤੁਰੰਤ ਜਾਂਚ ਕੀਤੀ ਜਾਵੇ ਅਤੇ ਜੇ ਕੋਈ ਅਪਰਾਧਿਕ ਤੱਤ ਸਾਹਮਣੇ ਆਉਂਦੇ ਹਨ ਤਾਂ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇ।
2. ਪਿੰਡਾਂ ਵਿੱਚ ਨਸ਼ਿਆਂ ਦੀ ਸਪਲਾਈ ਚੇਨ ਅਤੇ ਤਸਕਰੀ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਕੀਤੀ ਜਾਵੇ।
3. ਨਸ਼ੇ ਦੀ ਲਤ ਨਾਲ ਪੀੜਤ ਨੌਜਵਾਨਾਂ ਨੂੰ ਸਿਰਫ਼ ਅਪਰਾਧੀ ਸਮਝਣ ਦੀ ਬਜਾਏ ਉਨ੍ਹਾਂ ਲਈ ਮਿਆਰੀ ਇਲਾਜ, ਕਾਊਂਸਲਿੰਗ ਅਤੇ ਪੁਨਰਵਾਸ ਦੀਆਂ ਸਹੂਲਤਾਂ ਵਧਾਈਆਂ ਜਾਣ।
4. ਪਿੰਡ ਪੱਧਰ 'ਤੇ ਨੌਜਵਾਨਾਂ ਲਈ ਖੇਡਾਂ, ਰੁਜ਼ਗਾਰ, ਹੁਨਰ ਵਿਕਾਸ ਅਤੇ ਸਿੱਖਿਆ ਦੇ ਮੌਕੇ ਵਧਾਏ ਜਾਣ ਤਾਂ ਜੋ ਉਹ ਨਸ਼ਿਆਂ ਤੋਂ ਦੂਰ ਰਹਿ ਸਕਣ।
5. ਮਾਪਿਆਂ ਅਤੇ ਪਰਿਵਾਰਾਂ ਲਈ ਨਸ਼ੇ ਦੀ ਸ਼ੁਰੂਆਤੀ ਪਛਾਣ ਅਤੇ ਇਲਾਜ ਸਬੰਧੀ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾਣ।
6. ਜੇ ਕਿਸੇ ਨੌਜਵਾਨ ਦੀ ਹਾਲਤ ਨਸ਼ੇ ਕਾਰਨ ਗੰਭੀਰ ਹੋਵੇ ਤਾਂ ਉਸਨੂੰ ਸਮੇਂ ਸਿਰ ਹਸਪਤਾਲ ਅਤੇ ਨਸ਼ਾ-ਮੁਕਤੀ ਕੇਂਦਰ ਤੱਕ ਪਹੁੰਚਾਉਣ ਲਈ ਪਿੰਡ ਪੱਧਰ 'ਤੇ ਸਹਾਇਤਾ ਪ੍ਰਣਾਲੀ ਬਣਾਈ ਜਾਵੇ।

ਪੰਜਾਬ ਦਾ ਨੌਜਵਾਨ ਸਾਡੀ ਸਭ ਤੋਂ ਵੱਡੀ ਤਾਕਤ ਹੈ। ਕਿਸੇ ਵੀ ਨੌਜਵਾਨ ਦੀ ਨਸ਼ੇ ਕਾਰਨ ਜ਼ਿੰਦਗੀ ਬਰਬਾਦ ਹੋਣਾ ਸਿਰਫ਼ ਉਸ ਪਰਿਵਾਰ ਦੀ ਤ੍ਰਾਸਦੀ ਨਹੀਂ—ਇਹ ਸਾਰੇ ਸਮਾਜ ਲਈ ਚੇਤਾਵਨੀ ਹੈ।

ਅਸੀਂ ਸਾਰੀਆਂ ਸਿਆਸੀ ਪਾਰਟੀਆਂ, ਸਮਾਜਿਕ ਸੰਸਥਾਵਾਂ, ਧਾਰਮਿਕ ਜਥੇਬੰਦੀਆਂ ਅਤੇ ਪੰਜਾਬ ਦੇ ਲੋਕਾਂ ਨੂੰ ਅਪੀਲ ਕਰਦੇ ਹਾਂ ਕਿ ਨਸ਼ੇ ਦੇ ਮੁੱਦੇ ਨੂੰ ਰਾਜਨੀਤਿਕ ਦੋਸ਼ਾਰੋਪਣ ਤੋਂ ਉੱਪਰ ਚੁੱਕ ਕੇ ਨੌਜਵਾਨਾਂ ਦੀ ਜ਼ਿੰਦਗੀ ਬਚਾਉਣ ਦਾ ਸਾਂਝਾ ਸਮਾਜਿਕ ਮਿਸ਼ਨ ਬਣਾਇਆ ਜਾਵੇ।

ਨਸ਼ਾ ਮੁਕਤ ਪੰਜਾਬ — ਸਿਹਤਮੰਦ ਪੰਜਾਬ — ਸੁਰੱਖਿਅਤ ਪੰਜਾਬ।

**-ਡਾਕਟਰ ਜਗਜੀਵਨ ਸਿੰਘ, ਪ੍ਰਧਾਨ, ਮਾਤਾ ਚੰਦ ਕੌਰ ਯਾਦਗਰੀ ਟਰੱਸਟ ਰਜਿਸਟਰਡ, ਸ਼ੇਰਪੁਰ, ਜ਼ਿਲ੍ਹਾ ਸੰਗਰੂਰ, ਪੰਜਾਬ।**

### ਖਾਲਸਾ ਅਕੈਡਮੀ ਮਹਿਤਾ ਚੌਂਕ ਵਿਖੇ ਸੀ.ਬੀ.ਐੱਸ.ਈ. ਨੈਸ਼ਨਲ ਹਾਕੀ ਚੈਂਪੀਅਨਸ਼ਿਪ ਦੇ

# ਪੰਜਵੇਂ ਦਿਨ ਹੋਏ ਫਸਵੇਂ ਮੁਕਾਬਲੇ



**ਚੌਂਕ ਮਹਿਤਾ,5 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਮਾਨਯੋਗ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਜੀ ਦੀ ਸੁਯੋਗ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ, ਮਹਿਤਾ ਚੌਂਕ ਵਿਖੇ ਸੀ.ਬੀ.ਐੱਸ.ਈ. ਨੈਸ਼ਨਲ ਹਾਕੀ ਚੈਂਪੀਅਨਸ਼ਿਪ-2026 ਦੇ ਪੰਜਵੇਂ ਦਿਨ ਵੱਖ-ਵੱਖ ਵਰਗਾਂ ਦੀਆਂ ਟੀਮਾਂ ਵਿਚਕਾਰ ਫਸਵੇਂ ਅਤੇ ਰੋਮਾਂਚਕ ਮੁਕਾਬਲੇ ਕਰਵਾਏ ਗਏ।ਅੰਡਰ-14 ਵਰਗ ਦੇ ਪਹਿਲੇ ਮੁਕਾਬਲੇ ਵਿੱਚ ਆਰਮੀ ਪਬਲਿਕ ਸਕੂਲ, ਕਾਨਪੁਰ ਦਾ ਮੁਕਾਬਲਾ ਆਰੀਆ ਗਰਲਜ਼ ਸਕੂਲ, ਪਾਣੀਪਤ ਨਾਲ ਹੋਇਆ, ਜਿਸ ਵਿੱਚ ਆਰੀਆ ਗਰਲਜ਼ ਸਕੂਲ ਨੇ ਸ਼ਾਨਦਾਰ ਜਿੱਤ ਦਰਜ ਕੀਤੀ। ਇਸ ਤੋਂ ਬਾਅਦ ਆਰਮੀ ਪਬਲਿਕ ਸਕੂਲ ਦਾ ਮੁਕਾਬਲਾ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ ਦੀ ਟੀਮ ਨਾਲ ਹੋਇਆ, ਜਿਸ ਵਿੱਚ ਖਾਲਸਾ ਅਕੈਡਮੀ ਦੀਆਂ ਲੜਕੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜਿੱਤ ਹਾਸਲ ਕੀਤੀ। ਅੰਡਰ-17 ਵਰਗ ਦੇ ਮੁਕਾਬਲੇ ਵਿੱਚ ਮਾਡਰਨ ਸਕੂਲ, ਵਸੰਤ ਵਿਹਾਰ ਦਾ ਮੁਕਾਬਲਾ ਓ.ਪੀ. ਜਿੰਦਲ ਸਕੂਲ ਨਾਲ ਹੋਇਆ, ਜਿਸ ਵਿੱਚ ਓ.ਪੀ. ਜਿੰਦਲ ਸਕੂਲ ਦੀ ਟੀਮ ਜੇਤੂ ਰਹੀ।ਅੰਡਰ-19 ਵਰਗ ਦੇ ਮੁਕਾਬਲਿਆਂ ਵਿੱਚ ਵੇਲੰਮਾਲ ਵਿਦਿਆਸ਼੍ਰਮ ਦਾ ਮੁਕਾਬਲਾ ਆਰਮੀ ਪਬਲਿਕ ਸਕੂਲ ਨਾਲ ਹੋਇਆ, ਜਿਸ ਵਿੱਚ ਆਰਮੀ ਪਬਲਿਕ ਸਕੂਲ ਨੇ ਜਿੱਤ ਦਰਜ ਕੀਤੀ।ਇਸੇ ਵਰਗ ਵਿੱਚ ਕ੍ਰਿਸ਼ਨਾ ਪਬਲਿਕ ਸਕੂਲ ਦਾ ਮੁਕਾਬਲਾ ਲਿਟਲ ਐਂਜਲ ਸਕੂਲ ਨਾਲ ਹੋਇਆ, ਜਿਸ ਵਿੱਚ ਲਿਟਲ ਐਂਜਲ ਸਕੂਲ ਦੀ ਟੀਮ ਜੇਤੂ ਰਹੀ।ਇਸ ਮੌਕੇ ਸਕੂਲ ਦੇ ਡਾਇਰੈਕਟਰ-ਪ੍ਰਿੰਸੀਪਲ ਡਾ. ਜਤਿੰਦਰ ਕੁਮਾਰ ਸ਼ਰਮਾ, ਕਾਲਜ ਦੇ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਹਾਕੀ ਕੋਚ ਸਰਦਾਰ ਬਲਜਿੰਦਰ ਸਿੰਘ, ਸਰਦਾਰ ਮਨਮੀਤ ਸਿੰਘ ਅਤੇ ਦਮਨਪ੍ਰੀਤ ਸਿੰਘ ਸਮੇਤ ਵੱਖ-ਵੱਖ ਸਕੂਲਾਂ ਤੋਂ ਪਹੁੰਚੇ ਹਾਕੀ ਕੋਚਾਂ ਅਤੇ ਅਧਿਆਪਕ ਸਾਹਿਬਾਨ ਨੇ ਜੇਤੂ ਟੀਮਾਂ ਨੂੰ ਵਧਾਈ ਦਿੱਤੀ ਅਤੇ ਸਾਰੇ ਖਿਡਾਰੀਆਂ ਦੀ ਹੌਸਲਾ-ਅਫ਼ਜ਼ਾਈ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

**ਖਾਲਸਾ ਅਕੈਡਮੀ ਮਹਿਤਾ ਚੌਂਕ ਵਿਖੇ ਸੀ.ਬੀ.ਐੱਸ.ਈ. ਨੈਸ਼ਨਲ ਹਾਕੀ ਚੈਂਪੀਅਨਸ਼ਿਪ ਦੇ ਪੰਜਵੇਂ ਦਿਨ ਰੋਮਾਂਚਕ ਮੁਕਾਬਲੇ**

### ਐਸ.ਐਸ.ਪੀ. ਡਾ. ਰਵਜੋਤ ਗਰੇਵਾਲ ਨੇ

# ਵਿਦਿਆਰਥੀਆਂ ਨਾਲ ਕੀਤੀ ਗੱਲਬਾਤ




**ਸੰਗਰੂਰ ( ਰਣਜੀਤ ਸਿੰਘ ਪੇਧਨੀ)**-ਸਟੂਡੈਂਟ ਪੁਲਿਸ ਕੈਡਿਟ (ਐਸ.ਪੀ.ਸੀ) ਸਕੀਮ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਘਰਾਚੋਂ ਦੇ 8ਵੀਂ ਅਤੇ 9ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਟੀ-ਸ਼ਰਟਾਂ ਵੰਡੀਆਂ ਗਈਆਂ। ਇਸ ਮੌਕੇ ਸੀਨੀਅਰ ਕਪਤਾਨ ਪੁਲਿਸ ਸੰਗਰੂਰ ਡਾ. ਰਵਜੋਤ ਗਰੇਵਾਲ, ਆਈ.ਪੀ.ਐਸ., ਕਪਤਾਨ ਪੁਲਿਸ (ਹੈੱਡਕੁਆਰਟਰ) ਕਮ-ਜ਼ਿਲ੍ਹਾ ਕਮਿਊਨਿਟੀ ਪੁਲਿਸ ਅਫ਼ਸਰ ਸੰਗਰੂਰ ਸੁਖਅੰਮ੍ਰਿਤ ਸਿੰਘ, ਪੀ.ਪੀ.ਐਸ. ਅਤੇ ਕਪਤਾਨ ਪੁਲਿਸ (ਸਪੈਸ਼ਲ) ਸੰਗਰੂਰ ਦਵਿੰਦਰ ਕੁਮਾਰ, ਪੀ.ਪੀ.ਐਸ. ਮੌਜੂਦ ਸਨ। ਇਸ ਪ੍ਰੋਗਰਾਮ ਤਹਿਤ ਵਿਦਿਆਰਥੀਆਂ ਨੂੰ ਪੁਲਿਸ ਦੀ ਕਾਰਜਪ੍ਰਣਾਲੀ ਅਤੇ ਵੱਖ-ਵੱਖ ਪੁਲਿਸ ਸੇਵਾਵਾਂ ਬਾਰੇ ਜਾਣੂ ਕਰਵਾਉਣ ਦੇ ਉਦੇਸ਼ ਨਾਲ ਜ਼ਿਲ੍ਹਾ ਸਾਂਝ ਕੇਂਦਰ ਸੰਗਰੂਰ, ਕੰਟਰੋਲ ਰੂਮ ਸੰਗਰੂਰ, ਪੁਲਿਸ ਲਾਈਨ ਸੰਗਰੂਰ ਅਤੇ ਵੱਖ-ਵੱਖ ਪੁਲਿਸ ਦਫ਼ਤਰਾਂ ਦਾ ਦੌਰਾ ਵੀ ਕਰਵਾਇਆ ਗਿਆ।ਇਸ ਮੌਕੇ ਸੀਨੀਅਰ ਕਪਤਾਨ ਪੁਲਿਸ ਸੰਗਰੂਰ ਡਾ. ਰਵਜੋਤ ਗਰੇਵਾਲ ਨੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਰੁੱਖ ਲਗਾਉਣ, ਵਾਤਾਵਰਣ ਦੀ ਸੰਭਾਲ ਅਤੇ ਕੁਦਰਤ ਦੀ ਰੱਖਿਆ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ, ਸਾਈਬਰ ਅਪਰਾਧਾਂ ਤੋਂ ਬਚਾਅ, ਡਿਜ਼ਿਟਲ ਸੁਰੱਖਿਆ ਅਤੇ ਸੋਸ਼ਲ ਮੀਡੀਆ ਦੀ ਜ਼ਿੰਮੇਵਾਰ ਵਰਤੋਂ ਸਬੰਧੀ ਵੀ ਜਾਣਕਾਰੀ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਆਪਣੇ ਆਲੇ-ਦੁਆਲੇ ਦੇ ਹੋਰਨਾਂ ਲੋਕਾਂ ਨੂੰ ਵੀ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਪ੍ਰੇਰਿਤ ਕੀਤਾ। ਇਸ ਤੋਂ ਇਲਾਵਾ ਉਨ੍ਹਾਂ ਨੇ ਸਰਦਾਰ ਵੱਲਭਭਾਈ ਪਟੇਲ ਦੇ ਜੀਵਨ ਅਤੇ ਉਨ੍ਹਾਂ ਦੇ ਯੋਗਦਾਨ ਬਾਰੇ ਜਾਣਕਾਰੀ ਸਾਂਝੀ ਕੀਤੀ ਅਤੇ ਵਿਦਿਆਰਥੀਆਂ ਨੂੰ ਦੇਸ਼ ਅਤੇ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਲਈ ਉਤਸ਼ਾਹਿਤ ਕੀਤਾ। ਸੀਨੀਅਰ ਕਪਤਾਨ ਪੁਲਿਸ ਨੇ ਵਿਦਿਆਰਥੀਆਂ ਨਾਲ ਉਨ੍ਹਾਂ ਦੀ ਪੜ੍ਹਾਈ ਅਤੇ ਭਵਿੱਖ ਦੇ ਕਰੀਅਰ ਸਬੰਧੀ ਵੀ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਆਪਣੀ ਰੁਚੀ ਅਤੇ ਸਮਰੱਥਾ ਅਨੁਸਾਰ ਕਰੀਅਰ ਦੀ ਚੋਣ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਕਾਨੂੰਨ, ਅਨੁਸ਼ਾਸਨ, ਸਮਾਜਿਕ ਜ਼ਿੰਮੇਵਾਰੀ ਅਤੇ ਨੈਤਿਕ ਕਦਰਾਂ-ਕੀਮਤਾਂ ਨਾਲ ਜੋੜਨਾ ਐਸ.ਪੀ.ਸੀ. ਸਕੀਮ ਦਾ ਮਹੱਤਵਪੂਰਨ ਉਦੇਸ਼ ਹੈ। ਇਸ ਮੌਕੇ ਰਾਕੇਸ਼ ਕੁਮਾਰ, ਜ਼ਿਲ੍ਹਾ ਐਸ.ਪੀ.ਸੀ. ਕੋਆਰਡੀਨੇਟਰ ਸੰਗਰੂਰ, ਗੁਰਤੇਜ ਸਿੰਘ, ਪੰਜਾਬੀ ਮਾਸਟਰ ਅਤੇ ਕਰਮਜੀਤ ਕੌਰ, ਸਾਇੰਸ ਮਿਸਟ੍ਰੈਸ ਵੀ ਹਾਜ਼ਰ ਸਨ।

**ਵਿਦਿਆਰਥੀਆਂ ਨੂੰ ਟ੍ਰੈਫਿਕ ਨਿਯਮਾਂ, ਸਾਈਬਰ ਸੁਰੱਖਿਆ, ਨਸ਼ਿਆਂ ਤੋਂ ਬਚਾਅ ਅਤੇ ਵਾਤਾਵਰਣ ਸੰਭਾਲ ਸਬੰਧੀ ਕੀਤਾ ਜਾਗਰੂਕ**

ਆਵਾਜ਼ਿ ਕੌਮ AWAZE QAUM International Newspaper & WEB TV

## ਦਿਲਜੀਤ ਦੋਸਾਂਝ ਦੇ 1 ਨਵੰਬਰ ਦਿੱਲੀ ਸ਼ੋਅ ਨੂੰ ਲੈ ਕੇ ਐਸਐਫਜੇ ਦੀ ਤਿੱਖੀ ਚਿਤਾਵਨੀ, ਪ੍ਰੋਗਰਾਮ ਵਿਚ ਖੱਲਲ ਪਾਉਣ ਲਈ 51 ਲੱਖ ਇਨਾਮ ਦਾ ਕੀਤਾ ਐਲਾਨ




ਨਵੀਂ ਦਿੱਲੀ 5 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਸਿੱਖਸ ਫਾਰ ਜਸਟਿਸ (ਐਸਐਫਜੇ) ਨੇ ਦਿਲਜੀਤ ਦੋਸਾਂਝ ਦੇ 1 ਨਵੰਬਰ ਨੂੰ ਦਿੱਲੀ ਦੇ ਜੇ.ਐਲ.ਐਨ. ਸਟੇਡੀਅਮ ਵਿਖੇ ਹੋਣ ਵਾਲੇ ਸ਼ੋਅ ਨੂੰ 'ਘੇਰੋ ਤੇ ਰੋਕੋ' ਦਾ ਸੱਦਾ ਦਿੰਦਿਆਂ ਇਸ ਲਈ 51 ਲੱਖ ਰੁਪਏ ਦੇ ਇਨਾਮ ਦਾ ਐਲਾਨ ਕੀਤਾ ਹੈ। ਐਸਐਫਜੇ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂ ਨੇ ਕਿਹਾ ਕਿ 1 ਨਵੰਬਰ 1984 ਦੀ ਸਿੱਖ ਵਿਰੋਧੀ ਹਿੰਸਾ ਦੀ ਯਾਦ ਨਾਲ ਜੁੜੇ ਦਿਨ ਨੂੰ ਦਿੱਲੀ ਵਿੱਚ ਜਸ਼ਨ ਮਨਾਉਣ ਲਈ ਵਰਤਣਾ ਸਿੱਖ ਕੌਮ ਦੇ ਜ਼ਖ਼ਮਾਂ 'ਤੇ ਨਮਕ ਛਿੜਕਣ ਦੇ ਬਰਾਬਰ ਹੈ। ਪੰਨੂ ਨੇ ਦੋਸ਼ ਲਾਇਆ ਕਿ ਜਿਸ ਦਿੱਲੀ ਵਿੱਚ 1984 ਦੌਰਾਨ ਸਿੱਖਾਂ ਨੂੰ ਜਿਉਂਦੇ ਸਾੜਿਆ ਗਿਆ, ਔਰਤਾਂ ਨਾਲ ਜਬਰ-ਜਨਾਹ ਹੋਇਆ ਅਤੇ ਗੁਰਦੁਆਰਿਆਂ 'ਤੇ ਹਮਲੇ ਹੋਏ, ਉਸੇ ਸ਼ਹਿਰ ਵਿੱਚ ਉਸ ਦਿਨ ਮਨੋਰੰਜਨ ਦਾ ਵੱਡਾ ਸਮਾਗਮ ਕਰਵਾਉਣਾ ਗੰਭੀਰ ਇਤਿਹਾਸਕ ਵਿਰੋਧਾਭਾਸ ਹੈ।ਗੁਰਪਤਵੰਤ ਪੰਨੂ ਨੇ ਸ੍ਰੀ ਅਕਾਲ ਤਖ਼ਤ ਸਾਹਿਬ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸਿੱਧਾ ਸਵਾਲ ਕਰਦਿਆਂ ਪੁੱਛਿਆ ਕਿ ਕੀ 1984 ਦੇ ਕਤਲੇਆਮ ਦੇ ਦੋਸ਼ੀਆਂ ਤੋਂ ਇਨਸਾਫ਼ ਦੀ ਮੰਗ ਕਰਨ ਵਾਲੇ ਸਿੱਖ ਨੂੰ ਹਥਿਆਰ ਚੁੱਕਣਾ ਜਾਇਜ਼ ਨਹੀ ਹੋ ਸਕਦਾ ਹੈ, ਅਤੇ ਕਿ 1 ਨਵੰਬਰ ਨੂੰ ਦਿੱਲੀ ਵਿੱਚ ਜਸ਼ਨ ਮਨਾਉਣਾ ਜਾਇਜ਼ ਮੰਨਿਆ ਜਾਵੇਗਾ? ਉਸ ਨੇ ਦਿਲਜੀਤ ਦੋਸਾਂਝ ਵੱਲੋਂ ਅਮਿਤਾਭ ਬੱਚਨ ਨਾਲ ਨਜ਼ਦੀਕੀ ਦੇ ਹਵਾਲੇ ਨਾਲ ਵੀ ਤਿੱਖੇ ਸਵਾਲ ਖੜ੍ਹੇ ਕੀਤੇ। ਪੰਨੂ ਨੇ ਕਿਹਾ ਕਿ ਦਿੱਲੀ ਦੀ ਵਿਧਵਾ ਕਾਲੋਨੀ ਵਿੱਚ 1984 ਦੀ ਹਿੰਸਾ ਦੀ ਪੀੜ ਆਪਣੇ ਸੀਨੇ ਵਿੱਚ ਸੰਭਾਲ ਰਹੀਆਂ ਸਿੱਖ ਔਰਤਾਂ ਦੇ ਜ਼ਖ਼ਮ ਅੱਜ ਵੀ ਨਹੀਂ ਭਰੇ ਅਤੇ 1 ਨਵੰਬਰ ਦਾ ਇਹ ਸ਼ੋਅ ਉਨ੍ਹਾਂ ਦਰਦਨਾਕ ਯਾਦਾਂ ਨੂੰ ਮੁੜ ਭੜਕਾ ਸਕਦਾ ਹੈ। ਐਸਐਫਜੇ ਦੇ ਇਸ ਐਲਾਨ ਨੇ ਦਿਲਜੀਤ ਦੇ ਦਿੱਲੀ ਸ਼ੋਅ ਨੂੰ ਲੈ ਕੇ ਸਿਆਸੀ ਅਤੇ ਪੰਥਕ ਪੱਧਰ 'ਤੇ ਨਵਾਂ ਵਿਵਾਦ ਛੇੜ ਦਿੱਤਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਸਰਬਾਂਗੀ ਲੇਖਕ ਰਣਜੀਤ ਅਜ਼ਾਦ ਕਾਂਝਲਾ ਅਤੇ ਸੁਰਿੰਦਰ ਮਕਸੂਦਪੁਰੀ ਨਾਲ ਰੂਬਰੂ ਸਮਾਗਮ



**ਬਾਬਾ ਬਕਾਲਾ ਸਾਹਿਬ 5 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਿਛਲੇ 41 ਸਾਲਾਂ ਤੋਂ ਲਗਾਤਾਰ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਸਾਹਿਤਕ ਸਰਗਰਮੀਆਂ ਰਚਾਉਣ ਵਾਲੀ ਚਰਚਿੱਤ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਇਕ ਸਾਹਿਤਕ ਸਮਾਗਮ ਪ੍ਰਿਥੀਪਾਲ ਸਿੰਘ ਅਠੌਲਾ ਯਾਦਗਾਰੀ ਲਾਇਬਰੇਰੀ, ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਗਿਆ । ਇਸ ਮੌਕੇ ਪ੍ਰਧਾਨਗੀ ਮੰਡਲ ਵਿੱਚ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਅਤੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ: ਸ਼ੇਲਿੰਦਰਜੀਤ ਸਿੰਘ ਰਾਜਨ, ਕਾਰਜਕਾਰਨੀ ਮੈਂਬਰ ਮਾ: ਮਨਜੀਤ ਸਿੰਘ ਵੱਸੀ, ਡਾ: ਕੁਲਵੰਤ ਸਿੰਘ ਬਾਠ ਵੈਟਰਨਰੀ ਅਫਸਰ, ਮੱਖਣ ਸਿੰਘ ਭੈਣੀਵਾਲਾ ਸਾਬਕਾ ਬੀ.ਈ.ਈ.ਓ ਅਤੇ ਲੇਖਕ ਅਦਾਕਾਰ ਕਲਾ ਮੰਚ ਦੇ ਮੁੱਖ ਸੰਚਾਲਕ ਸਕੱਤਰ ਸਿੰਘ ਪੁਰੇਵਾਲ ਅਤੇ ਪੰਜਾਬੀ ਸਾਹਿਤ ਸਭਾ ਮਹਿਲਾ ਵਿੰਗ ਦੀ ਪ੍ਰਧਾਨ ਸੁਖਵੰਤ ਕੌਰ ਵੱਸੀ ਸ਼ੁਸ਼ੋਭਿਤ ਹੋਏ । ਇਸ ਮੌਕੇ ਸਰਬਾਂਗੀ ਲੇਖਕ ਰਣਜੀਤ ਅਜ਼ਾਦ ਕਾਂਝਲਾ ਅਤੇ ਨਾਮਵਰ ਸ਼ਾਇਰ ਸੁਰਿੰਦਰ ਮਕਸੂਦਪੁਰੀ ਲੇਖਕਾਂ ਦੇ ਰੂਬਰੂ ਹੋਏ ।ਉਨ੍ਹਾਂ ਨੇ ਜਿੱਥੇ ਆਪਣੇ ਜ਼ਿੰਦਗੀ ਦੇ ਮਿੱਠੇ ਕੌੜੇ ਤਜਰਬੇ ਸਭ ਨਾਲ ਸਾਂਝੇ ਕੀਤੇ, ਉਥੇ ਆਪਣੀਆਂ ਕਾਵਿ ਕਿਰਤਾਂ ਵੀ ਪੇਸ਼ ਕੀਤੀਆਂ ।ਇਸ ਮੌਕੇ ਦੋਵਾਂ ਨੂੰ ਸਭਾ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਗਿਆ ।ਸੁਰਿੰਦਰ ਮਕਸੂਦਪੁਰੀ ਨੇ ਆਪਣੀ ਨਵੀਂ ਕਾਵਿ ਪੁਸਤਕ 'ਹਰਫ਼ਾਂ ਦੇ ਹਾਣੀ' ਵੀ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੀ ਲਾਇਬਰੇਰੀ ਲਈ ਭੇਟ ਕੀਤੀ । ਇਸ ਮੌਕੇ ਕਵੀ ਦਰਬਾਰ ਵਿੱਚ ਮੈਡਮ ਹਰਵਿੰਦਰਜੀਤ ਕੌਰ ਬਾਠ, ਸੂਬੇਦਾਰ ਹਰਜਿੰਦਰ ਸਿੰਘ ਨਿੱਝਰ, ਬਾਪੂ ਅਜੈਬ ਸਿੰਘ ਬੋਦੇਵਾਲ, ਬਲਵਿੰਦਰ ਸਿੰਘ ਅਠੌਲਾ, ਸੂਬੇਦਾਰ ਹਰਜੀਤ ਸਿੰਘ, ਅਜੀਤ ਸਿੰਘ ਸਠਿਆਲਵੀ, ਸਰਬਜੀਤ ਸਿੰਘ ਪੱਡਾ, ਨਵਦੀਪ ਸਿੰਘ ਬਦੇਸ਼ਾ, ਪਭਸਿਮਰਨ ਸਿੰਘ, ਸੰਨਪ੍ਰੀਤ ਸਿੰਘ ਮਣੀ, ਭਗਵੰਤ ਸਿੰਘ ਆਦਿ ਨੇ ਕਾਵਿ ਰਚਨਾਵਾਂ ਰਾਹੀਂ ਚੰਗਾ ਰੰਗ ਬੰਨਿਆ ।ਮੰਚ ਸੰਚਾਲਨ ਦੇ ਫਰਜ਼ ਸ: ਸ਼ੇਲਿੰਦਰਜੀਤ ਸਿੰਘ ਰਾਜਨ ਨੇ ਬਾਖ਼ੂਬੀ ਨਿਭਾਏ।

ਆਵਾਜ਼ਿ ਕੌਮ AWAZE QAUM International Newspaper & WEB TV

## ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ, ਮਹਿਸਮਪੁਰ ਖੁਰਦ ਨੇ

# ਕੀਰਤਨ ਮੁਕਾਬਲੇ ਵਿੱਚ ਹਾਸਲ ਕੀਤਾ ਦੂਜਾ ਸਥਾਨ



**ਚੌਕ ਮਹਿਤਾ,5 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ, ਮੁਖੀ ਦਮਦਮੀ ਟਕਸਾਲ ਦੀ ਸਰਪ੍ਰਸਤੀ ਹੇਠ ਚੱਲ ਰਹੇ ਵਿਦਿਅਕ ਅਦਾਰਿਆਂ ਵਿੱਚੋਂ ਨਵੇਂ ਵਿਦਿਅਕ ਅਦਾਰੇ ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ, ਮਹਿਸਮਪੁਰ ਖੁਰਦ ਦੇ ਵਿਦਿਆਰਥੀਆਂ ਨੇ ਮਿਤੀ 04/10/2026 ਨੂੰ ਸ਼੍ਰੀ ਸੁਖਮਨੀ ਸਾਹਿਬ ਸੇਵਾ ਸੋਸਾਇਟੀ, ਰਈਆ ਵੱਲੋਂ ਕਰਵਾਏ ਗਏ 35ਵੇਂ ਸਾਲਾਨਾ ਕੀਰਤਨ ਮੁਕਾਬਲੇ ਵਿੱਚ ਪਹਿਲੀ ਵਾਰ ਭਾਗ ਲੈ ਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਦੂਜਾ ਸਥਾਨ ਹਾਸਲ ਕਰਕੇ ਸਕੂਲ, ਅਧਿਆਪਕਾਂ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਇਸ ਮੌਕੇ ਵੱਖ-ਵੱਖ ਸਕੂਲਾਂ ਅਤੇ ਸੰਸਥਾਵਾਂ ਤੋਂ ਵਿਦਿਆਰਥੀਆਂ ਨੇ ਕੀਰਤਨ ਮੁਕਾਬਲੇ ਵਿੱਚ ਭਾਗ ਲਿਆ।ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ, ਮਹਿਸਮਪੁਰ ਖੁਰਦ ਦੇ ਵਿਦਿਆਰਥੀਆਂ ਨੇ ਪਹਿਲੀ ਵਾਰ ਇਸ ਮੁਕਾਬਲੇ ਵਿੱਚ ਸ਼ਾਮਲ ਹੁੰਦਿਆਂ ਪੂਰੀ ਸ਼ਰਧਾ, ਲਗਨ ਅਤੇ ਮਿਹਨਤ ਨਾਲ ਕੀਰਤਨ ਦੀ ਪੇਸ਼ਕਾਰੀ ਕੀਤੀ। ਵਿਦਿਆਰਥੀਆਂ ਦੀ ਸ਼ਾਨਦਾਰ ਪੇਸ਼ਕਾਰੀ ਨੂੰ ਦੇਖਦਿਆਂ ਉਨ੍ਹਾਂ ਨੂੰ ਦੂਜਾ ਸਥਾਨ ਪ੍ਰਦਾਨ ਕੀਤਾ ਗਿਆ। ਇਹ ਪ੍ਰਾਪਤੀ ਸਕੂਲ ਲਈ ਮਾਣ ਵਾਲੀ ਗੱਲ ਹੈ ਅਤੇ ਇਸ ਨਾਲ ਵਿਦਿਆਰਥੀਆਂ ਦੇ ਨਾਲ-ਨਾਲ ਸਮੂਹ ਅਧਿਆਪਕਾਂ ਅਤੇ ਮਾਪਿਆਂ ਵਿੱਚ ਵੀ ਖੁਸ਼ੀ ਦੀ ਲਹਿਰ ਪਾਈ ਗਈ।ਸਕੂਲ ਪ੍ਰਬੰਧਕਾਂ ਵੱਲੋਂ ਜੇਤੂ ਵਿਦਿਆਰਥੀਆਂ ਅਤੇ ਉਨ੍ਹਾਂ ਨੂੰ ਤਿਆਰ ਕਰਵਾਉਣ ਵਾਲੇ ਅਧਿਆਪਕਾਂ ਨੂੰ ਵਧਾਈ ਦਿੱਤੀ ਗਈ। ਇਸ ਪ੍ਰਾਪਤੀ ਨੇ ਵਿਦਿਆਰਥੀਆਂ ਵਿੱਚ ਗੁਰਬਾਣੀ ਅਤੇ ਕੀਰਤਨ ਪ੍ਰਤੀ ਹੋਰ ਰੁਚੀ ਪੈਦਾ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਅਜਿਹੇ ਗੁਰਮਤਿ ਮੁਕਾਬਲਿਆਂ ਵਿੱਚ ਭਾਗ ਲੈਣ ਲਈ ਉਤਸ਼ਾਹਿਤ ਕੀਤਾ।ਸਕੂਲ ਪ੍ਰਿੰਸੀਪਲ ਨੇ ਕਿਹਾ ਕਿ ਵਿਦਿਆਰਥੀਆਂ ਵੱਲੋਂ ਪਹਿਲੀ ਵਾਰ ਕੀਰਤਨ ਮੁਕਾਬਲੇ ਵਿੱਚ ਭਾਗ ਲੈ ਕੇ ਦੂਜਾ ਸਥਾਨ ਹਾਸਲ ਕਰਨਾ ਬਹੁਤ ਹੀ ਮਾਣ ਵਾਲੀ ਪ੍ਰਾਪਤੀ ਹੈ।ਉਨ੍ਹਾਂ ਕਿਹਾ ਕਿ ਗੁਰਬਾਣੀ ਅਤੇ ਕੀਰਤਨ ਨਾਲ ਜੁੜਨਾ ਵਿਦਿਆਰਥੀਆਂ ਦੇ ਅੰਦਰ ਸਿੱਖੀ, ਨਿਮਰਤਾ ਅਤੇ ਅਨੁਸ਼ਾਸਨ ਦੀ ਭਾਵਨਾ ਪੈਦਾ ਕਰਦਾ ਹੈ। ਉਨ੍ਹਾਂ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਇਸ ਸਫ਼ਲਤਾ ਲਈ ਵਧਾਈ ਦਿੰਦਿਆਂ ਭਵਿੱਖ ਵਿੱਚ ਵੀ ਅਜਿਹੀਆਂ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਹੋਰ ਹਾਜ਼ਰ ਸ਼ਖਸੀਅਤਾਂ ਵਿੱਚ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਹਰਜੋਤ ਸਿੰਘ, ਪ੍ਰਿੰਸੀਪਲ ਗੁਰਦੀਪ ਸਿੰਘ, ਮਨਦੀਪ ਕੌਰ ਮੈਡਮ, ਮੈਡਮ ਸੁਖਵੰਤ ਕੌਰ, ਮੈਡਮ ਕਿਰਨਪ੍ਰੀਤ ਕੌਰ ਸਮੇਤ ਸਮੂਹ ਸਕੂਲ ਸਟਾਫ ਮੌਜੂਦ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

## ਦਮਦਮੀ ਟਕਸਾਲ ਵੱਲੋਂ ਸੇਵਕ ਜਥੇ ਦਾ ਵਿਸਥਾਰ

# ਭਾਈ ਜਸਵਿੰਦਰ ਸਿੰਘ ਬਣੇ ਪਟਿਆਲਾ ਦੇ ਜ਼ਿਲ੍ਹਾ ਪ੍ਰਧਾਨ



**ਫ਼ਿਰੋਜ਼ਪੁਰ, 05 ਅਕਤੂਬਰ (ਮਨੋਹਰ ਲਾਲ)**:— ਮਹਾਂਪੁਰਖ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ (ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ) ਦੇ ਦਿਸ਼ਾ ਨਿਰਦੇਸ਼ਾਂ ਅਤੇ ਆਗਿਆ ਨਾਲ ਪਟਿਆਲਾ ਵਿਖੇ ਇੱਕ ਵਿਸ਼ੇਸ਼ ਧਾਰਮਿਕ ਅਤੇ ਸੰਗਠਨਾਤਮਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਵਿਸ਼ੇਸ਼ ਮੌਕੇ ਤੇ ਦਮਦਮੀ ਟਕਸਾਲ ਚੌਕ ਮਹਿਤਾ ਤੋਂ ਪਹੁੰਚੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ (ਮੁੱਖ ਬੁਲਾਰਾ ਦਮਦਮੀ ਟਕਸਾਲ) ਨੇ ਦਮਦਮੀ ਟਕਸਾਲ ਸੇਵਕ ਜਥੇ ਦਾ ਵਿਸਥਾਰ ਕਰਦਿਆਂ ਨਵੀਂਆਂ ਨਿਯੁਕਤੀਆਂ ਦਾ ਰਸਮੀ ਐਲਾਨ ਕੀਤਾ।

ਇਸ ਸੰਗਠਨਾਤਮਕ ਵਿਸਥਾਰ ਦੌਰਾਨ ਭਾਈ ਜਸਵਿੰਦਰ ਸਿੰਘ ਨੂੰ ਜ਼ਿਲ੍ਹਾ ਪਟਿਆਲਾ ਦਾ ਨਵਾਂ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਤੋਂ ਇਲਾਵਾ ਜਥੇ ਦੇ ਕਾਰਜਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਹੋਰ ਅਹੁਦੇਦਾਰਾਂ ਨੂੰ ਵੀ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ।ਇਸ ਮੌਕੇ ਕਈ ਮੁੱਖ ਆਗੂ, ਸੇਵਾਦਾਰ ਅਤੇ ਧਾਰਮਿਕ ਸ਼ਖਸੀਅਤਾਂ ਹਾਜ਼ਰ ਸਨ।ਇਸ ਮੌਕੇ ਹਾਜ਼ਰ ਸੰਗਤਾਂ ਵੱਲੋਂ ਨਵ ਨਿਯੁਕਤ ਅਹੁਦੇਦਾਰਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਤੇ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।ਆਪਣੀ ਨਿਯੁਕਤੀ ਤੋਂ ਬਾਅਦ ਨਵ ਨਿਯੁਕਤ ਜ਼ਿਲ੍ਹਾ ਪ੍ਰਧਾਨ ਭਾਈ ਜਸਵਿੰਦਰ ਸਿੰਘ ਨੇ ਦਮਦਮੀ ਟਕਸਾਲ ਦੀ ਹਾਈਕਮਾਂਡ ਦਾ ਧੰਨਵਾਦ ਪ੍ਰਗਟ ਕੀਤਾ।ਉਨ੍ਹਾਂ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਦਮਦਮੀ ਟਕਸਾਲ ਵੱਲੋਂ ਮੈਨੂੰ ਜੋ ਇਹ ਜ਼ਿੰਮੇਵਾਰੀ ਅਤੇ ਸੇਵਾ ਸੌਂਪੀ ਗਈ ਹੈ, ਮੈਂ ਉਸ ਨੂੰ ਪੂਰੀ ਨਿਸ਼ਠਾ, ਲਗਨ ਅਤੇ ਇਮਾਨਦਾਰੀ ਨਾਲ ਨਿਭਾਵਾਂਗਾ।ਮੇਰਾ ਹਮੇਸ਼ਾ ਇਹੋ ਯਤਨ ਰਹੇਗਾ ਕਿ ਸਿੱਖ ਸਿਧਾਂਤਾਂ ਅਤੇ ਪੰਥ ਦੀ ਸੇਵਾ ਲਈ ਸਮਰਪਿਤ ਹੋ ਕੇ ਕਾਰਜ ਕਰਾਂ।

ਆਵਾਜ਼ਿ ਕੌਮ AWAZE QAUM International Newspaper & WEB TV

# ਪ੍ਰਗਟ ਸਿੰਘ ਦੇ ਪੰਜਾਬ ਪ੍ਰਦੇਸ ਕਾਂਗਰਸ ਕਮੇਟੀ ਦੇ ਪ੍ਰਧਾਨ ਬਣਨ ਦੀ ਖੁਸ਼ੀ 'ਚ ਕਾਂਗਰਸ ਦਫਤਰ ਵਿਖੇ ਵੰਡੇ ਲੱਡੂ





ਤਲਵੰਡੀ ਸਾਬੋ/ਮੌੜ, 05 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਸ. ਪ੍ਰਗਟ ਸਿੰਘ ਦੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਬਣਨ ਦੀ ਖੁਸ਼ੀ ਵਿੱਚ ਅੱਜ ਮੌੜ ਕੈਂਚੀਆਂ ਸਥਿਤ ਕਾਂਗਰਸ ਦਫ਼ਤਰ ਵਿਖੇ ਸਮੂਹ ਕਾਂਗਰਸੀ ਆਗੂਆਂ ਅਤੇ ਸਾਥੀ ਵਰਕਰਾਂ ਵੱਲੋਂ ਹਲਕਾ ਮੌੜ ਤੋਂ ਕਾਂਗਰਸ ਦੇ ਸੀਨੀਅਰ ਆਗੂ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਦੀ ਅਗਵਾਈ ਹੇਠ ਭਾਰੀ ਉਤਸ਼ਾਹ ਨਾਲ ਲੱਡੂ ਵੰਡ ਕੇ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂਆਂ ਅਤੇ ਵਰਕਰਾਂ ਨੇ ਸ਼ਮੂਲੀਅਤ ਕੀਤੀ ਅਤੇ ਇੱਕ-ਦੂਜੇ ਨੂੰ ਵਧਾਈਆਂ ਦਿੱਤੀਆਂ।ਇਸ ਮੌਕੇ ਸੰਬੋਧਨ ਕਰਦਿਆਂ ਹਲਕਾ ਮੌੜ ਇੰਚਾਰਜ ਜੀਤਮਹਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੀ ਅਗਵਾਈ ਦੀ ਜ਼ਿੰਮੇਵਾਰੀ ਪ੍ਰਗਟ ਸਿੰਘ ਵਰਗੇ ਇਮਾਨਦਾਰ, ਮਿਹਨਤੀ ਅਤੇ ਗਤੀਸ਼ੀਲ ਆਗੂ ਨੂੰ ਮਿਲਣਾ ਪਾਰਟੀ ਦੇ ਸਮੂਹ ਵਰਕਰਾਂ ਲਈ ਖੁਸ਼ੀ ਅਤੇ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਉਮੀਦ ਹੈ ਕਿ ਪ੍ਰਗਟ ਸਿੰਘ ਦੀ ਅਗਵਾਈ ਹੇਠ ਪੰਜਾਬ ਕਾਂਗਰਸ ਇੱਕ ਨਵੀਂ ਬੁਲੰਦੀ ਨੂੰ ਛੂਹੇਗੀ ਅਤੇ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਲਈ ਨਵੀਂ ਊਰਜਾ ਨਾਲ ਕੰਮ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪ੍ਰਗਟ ਸਿੰਘ ਦੀ ਨਿਯੁਕਤੀ ਨਾਲ ਹਰ ਕਾਂਗਰਸੀ ਵਰਕਰ ਦੇ ਦਿਲ ਵਿੱਚ ਨਵਾਂ ਜੋਸ਼ ਪੈਦਾ ਹੋਇਆ ਹੈ। ਪੰਜਾਬ ਦੇ ਲੋਕਾਂ ਦੇ ਮੁੱਦਿਆਂ ਨੂੰ ਮਜ਼ਬੂਤੀ ਨਾਲ ਉਠਾਉਣ ਅਤੇ ਲੋਕ ਹਿੱਤਾਂ ਦੀ ਆਵਾਜ਼ ਬੁਲੰਦ ਕਰਨ ਲਈ ਕਾਂਗਰਸ ਪਾਰਟੀ ਦਾ ਹਰ ਵਰਕਰ ਇਕਜੁੱਟ ਹੋ ਕੇ ਕੰਮ ਕਰੇਗਾ। ਉਨ੍ਹਾਂ ਕਿਹਾ ਕਿ ਸਮੂਹ ਆਗੂ ਅਤੇ ਵਰਕਰ ਪਾਰਟੀ ਦੀ ਮਜ਼ਬੂਤੀ ਅਤੇ ਪੰਜਾਬ ਦੀ ਚੜ੍ਹਦੀ ਕਲਾ ਲਈ ਦਿਨ-ਰਾਤ ਇੱਕ ਕਰਨਗੇ।ਇਸ ਦੌਰਾਨ ਹਾਜ਼ਰ ਕਾਂਗਰਸੀ ਆਗੂਆਂ ਅਤੇ ਵਰਕਰਾਂ ਨੇ ਪ੍ਰਗਟ ਸਿੰਘ ਨੂੰ ਪੰਜਾਬ ਕਾਂਗਰਸ ਦਾ ਪ੍ਰਧਾਨ ਬਣਨ 'ਤੇ ਵਧਾਈ ਦਿੰਦਿਆਂ ਆਸ ਪ੍ਰਗਟ ਕੀਤੀ ਕਿ ਉਨ੍ਹਾਂ ਦੀ ਅਗਵਾਈ ਹੇਠ ਪਾਰਟੀ ਹੋਰ ਮਜ਼ਬੂਤ ਹੋਵੇਗੀ ਅਤੇ ਆਉਣ ਵਾਲੇ ਸਮੇਂ ਵਿੱਚ ਕਾਂਗਰਸ ਪੰਜਾਬ ਦੇ ਲੋਕਾਂ ਦੀ ਆਵਾਜ਼ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਉਠਾਏਗੀ। ਲੱਡੂ ਵੰਡ ਕੇ ਖੁਸ਼ੀ ਮਨਾਉਣ ਉਪਰੰਤ ਸਮੂਹ ਵਰਕਰਾਂ ਨੇ ਪਾਰਟੀ ਦੀ ਚੜ੍ਹਦੀ ਕਲਾ ਅਤੇ ਮਜ਼ਬੂਤੀ ਲਈ ਇਕਜੁੱਟ ਹੋ ਕੇ ਕੰਮ ਕਰਨ ਦਾ ਸੰਕਲਪ ਵੀ ਲਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਬਾਬਾ ਬੁੱਢਾ ਸਾਹਿਬ ਜੀ ਦੇ ਜੋੜ ਮੇਲੇ ਮੌਕੇ ਸਾਈਂ ਮੀਆਂ ਮੀਰ ਫਾਊਂਡੇਸ਼ਨ ਵੱਲੋਂ ਸੇਵਾ ਕਾਰਜ



ਫ਼ਿਰੋਜ਼ਪੁਰ, 05 ਅਕਤੂਬਰ (ਮਨੋਹਰ ਲਾਲ) :— ਧੰਨ ਧੰਨ ਬਾਬਾ ਬੁੱਢਾ ਸਾਹਿਬ ਜੀ ਦੇ ਜੋੜ ਮੇਲੇ ਮੌਕੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਾਈਂ ਮੀਆਂ ਮੀਰ ਫਾਊਂਡੇਸ਼ਨ ਵੱਲੋਂ ਪਿੰਡ ਅਟਾਰੀ ਵਿਖੇ ਤੁਰ ਕੇ ਆਉਣ ਵਾਲੀਆਂ ਸੰਗਤਾਂ ਦੀ ਸਹੂਲਤ ਲਈ ਵੱਖ—ਵੱਖ ਸੇਵਾ ਕਾਰਜ ਕੀਤੇ ਜਾ ਰਹੇ ਹਨ।

ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਫਾਊਂਡੇਸ਼ਨ ਵੱਲੋਂ ਯਾਤਰੂਆਂ ਲਈ ਮਾਲਿਸ਼ ਕੈਂਪ ਅਤੇ ਮੈਡੀਕਲ ਦਵਾਈਆਂ ਦਾ ਕੈਂਪ ਲਗਾਇਆ ਗਿਆ ਹੈ। ਇਸ ਤੋਂ ਇਲਾਵਾ ਸੰਗਤਾਂ ਲਈ ਚਾਹ ਪਕੌੜਿਆਂ ਦਾ ਲੰਗਰ ਵੀ ਲਗਾਤਾਰ 2 ਤਰੀਕ ਤੋਂ ਚੱਲ ਰਿਹਾ ਹੈ ਅਤੇ ਦੂਰ ਦੁਰਾਡੇ ਤੋਂ ਪੈਦਲ ਆਉਣ ਵਾਲੀਆਂ ਸੰਗਤਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਰਾਤ ਦੇ ਠਹਿਰਾਅ ਲਈ ਵੀ ਪ੍ਰਬੰਧ ਕੀਤਾ ਗਿਆ ਹੈ। ਇਸ ਸੇਵਾ ਕਾਰਜ ਵਿੱਚ ਸਹਿਯੋਗੀ ਜਥੇਬੰਦੀ ਬਾਬਾ ਹਰਨਾਮ ਸਿੰਘ ਸੇਵਾ ਸੋਸਾਇਟੀ ਵੱਲੋਂ ਵੀ ਵੱਡਾ ਯੋਗਦਾਨ ਪਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਪਿੰਡ ਦੇ ਨੌਜਵਾਨਾਂ ਵੱਲੋਂ ਦਿਨ ਰਾਤ ਸੇਵਾ ਵਿੱਚ ਆਪਣਾ ਯੋਗਦਾਨ ਪਾਇਆ ਜਾ ਰਿਹਾ ਹੈ। ਸਾਈਂ ਮੀਆਂ ਮੀਰ ਫਾਊਂਡੇਸ਼ਨ ਵੱਲੋਂ ਕਿਹਾ ਗਿਆ ਕਿ ਸੰਗਤਾਂ ਦੀ ਸੇਵਾ ਕਰਨਾ ਵੱਡੇ ਭਾਗਾਂ ਦੀ ਗੱਲ ਹੈ ਅਤੇ ਫਾਊਂਡੇਸ਼ਨ ਹਮੇਸ਼ਾ ਹੀ ਅਜਿਹੇ ਸੇਵਾ ਕਾਰਜਾਂ ਵਿੱਚ ਆਪਣਾ ਯੋਗਦਾਨ ਪਾਉਂਦੀ ਰਹੇਗੀ। ਫਾਊਂਡੇਸ਼ਨ ਵੱਲੋਂ ਅਰਦਾਸ ਕੀਤੀ ਗਈ ਕਿ ਵਾਹਿਗੁਰੂ ਜੀ ਬਾਬਾ ਬੁੱਢਾ ਸਾਹਿਬ ਜੀ ਦੇ ਦਰਸ਼ਨਾਂ ਲਈ ਜਾਣ ਵਾਲੀਆਂ ਸਮੂਹ ਸੰਗਤਾਂ ਨੂੰ ਚੜ੍ਹਦੀ ਕਲਾ ਬਖ਼ਸ਼ਣ ਅਤੇ ਉਨ੍ਹਾਂ ਦੀ ਯਾਤਰਾ ਸਫ਼ਲ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਰਾਜਸਥਾਨ 'ਚ ਗੁਰਦੁਆਰਾ ਬਾਬਾ ਦੀਪ ਸਿੰਘ ਅੰਦਰ ਪੁਲਿਸ ਵੱਲੋਂ ਬੇਅਦਬੀ

# ਸੰਤ ਭਿੰਡਰਾਂਵਾਲੇ ਤੇ ਸ਼ਹੀਦ ਸਿੰਘਾਂ ਦੀਆਂ ਤਸਵੀਰਾਂ ਪਾੜੀਆਂ, ਸਿੱਖ ਕੌਮ 'ਚ ਭਾਰੀ ਰੋਸ



**ਸ੍ਰੀ ਗੰਗਾਨਗਰ / 5 ਅਕਤੂਬਰ (ਆਵਾਜ਼-ਏ-ਕੌਮ)**-ਰਾਜਸਥਾਨ ਦੇ ਸ੍ਰੀ ਗੰਗਾਨਗਰ ਸਥਿਤ ਗੁਰਦੁਆਰਾ ਬਾਬਾ ਦੀਪ ਸਿੰਘ ਜੀ ਅੰਦਰ ਰਾਜਸਥਾਨ ਪੁਲਿਸ ਵੱਲੋਂ ਕੀਤੀ ਕਾਰਵਾਈ ਨੇ ਪੂਰੇ ਸਿੱਖ ਜਗਤ 'ਚ ਰੋਸ ਦੀ ਲਹਿਰ ਪੈਦਾ ਕਰ ਦਿੱਤੀ ਹੈ।ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਇਸ ਘਟਨਾ ਦੀ ਸਖ਼ਤ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਪੁਲਿਸ ਵੱਲੋਂ ਗੁਰਦੁਆਰਾ ਸਾਹਿਬ ਦੇ ਲੰਗਰ ਦੀਆਂ ਰਸਦਾਂ ਖਿਲਾਰੀਆਂ ਗਈਆਂ ਅਤੇ ਅੰਦਰ ਤੋੜ-ਭੰਨ ਕੀਤੀ ਗਈ।ਸਭ ਤੋਂ ਦੁਖਦਾਈ ਗੱਲ ਇਹ ਹੈ ਕਿ ਪੁਲਿਸ ਅਧਿਕਾਰੀਆਂ ਵੱਲੋਂ ਕੌਮੀ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲੇ ਅਤੇ ਹੋਰ ਸ਼ਹੀਦ ਸਿੰਘਾਂ ਦੀਆਂ ਤਸਵੀਰਾਂ ਵਾਲੇ ਪੋਸਟਰਾਂ ਦੀ ਬੇਅਦਬੀ ਕਰਕੇ ਪਾੜ ਦਿੱਤਾ ਗਿਆ।ਪੁਲਿਸ ਨੇ ਸਥਾਨਕ ਸਿੱਖ ਆਗੂ ਭਾਈ ਤੇਜਿੰਦਰਪਾਲ ਸਿੰਘ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਹੈ।ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਦੀ ਅਗਵਾਈ ਹੇਠ ਘਟਨਾ ਸਥਾਨ ਦਾ ਜਾਇਜ਼ਾ ਲੈਣ ਪਹੁੰਚੇ ਸਿੱਖ ਵਫ਼ਦ ਨੇ ਵੀ ਪੁਸ਼ਟੀ ਕੀਤੀ ਹੈ ਕਿ ਇਹ ਕਾਰਵਾਈ ਮਰਯਾਦਾ ਦੇ ਉਲਟ ਅਤੇ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਹੈ।ਜਥੇਦਾਰ ਗੜਗੱਜ ਨੇ ਰਾਜਸਥਾਨ ਦੇ ਮੁੱਖ ਮੰਤਰੀ ਤੋਂ ਮੰਗ ਕੀਤੀ ਹੈ ਕਿ ਇਸ ਪੂਰੀ ਘਟਨਾ ਦੀ ਨਿਰਪੱਖ ਜਾਂਚ ਕਰਵਾਈ ਜਾਵੇ, ਦੋਸ਼ੀ ਪੁਲਿਸ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਭਾਈ ਤੇਜਿੰਦਰਪਾਲ ਸਿੰਘ ਨੂੰ ਤੁਰੰਤ ਰਿਹਾਅ ਕੀਤਾ ਜਾਵੇ।

**ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਸਖ਼ਤ ਨਿੰਦਾ, ਮੁੱਖ ਮੰਤਰੀ ਤੋਂ ਜਾਂਚ ਦੀ ਮੰਗ**

ਆਵਾਜ਼ਿ ਕੌਮ AWAZE QAUM International Newspaper & WEB TV

## ਖੇਡਾਂ ਵਤਨ ਪੰਜਾਬ ਦੀਆਂ 2026 ਵਿੱਚ ਆਰੀਆਭੱਟ ਕਾਲਜ ਦੀ

# ਵਿਦਿਆਰਥਣ ਨੇ ਬੈਡਮਿੰਟਨ ਵਿੱਚ ਹਾਸਲ ਕੀਤਾ ਪਹਿਲਾ ਸਥਾਨ, ਖੁਸ਼ੀ ਦੀ ਲਹਿਰ

## ਹੇਮਪੁਸ਼ਪਾ ਦੀ ਸ਼ਾਨਦਾਰ ਉਪਲਬਧੀ ਨਾਲ ਆਰੀਆਭੱਟਾ ਕਾਲਜ ਅਤੇ ਵਿਭਾਗ ਵਿੱਚ ਖੁਸ਼ੀ ਦੀ ਲਹਿਰ

**ਬਰਨਾਲਾ, 5 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਆਰੀਆਭੱਟ ਕਾਲਜ, ਬਰਨਾਲਾ ਲਈ ਇਹ ਬੇਹੱਦ ਮਾਣ ਅਤੇ ਖੁਸ਼ੀ ਦਾ ਪਲ ਹੈ ਕਿ ਕਾਲਜ ਦੀ ਬੀ.ਏ. ਪਹਿਲੇ ਸਮੈਸਟਰ ਦੀ ਹੋਣਹਾਰ ਵਿਦਿਆਰਥਣਹੇਮਪੁਸ਼ਪਾ ਨੇ ਖੇਡਾਂ ਵਤਨ ਪੰਜਾਬ ਦੀਆਂ 2026 ਦੇ ਬੈਡਮਿੰਟਨ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ। ਹੇਮਪੁਸ਼ਪਾ ਦੀ ਇਸ ਸ਼ਾਨਦਾਰ ਪ੍ਰਾਪਤੀ ਨਾਲ ਨਾ ਸਿਰਫ਼ ਉਸਦੇ ਮਾਪਿਆਂ ਅਤੇ ਅਧਿਆਪਕਾਂ ਦਾ ਸਿਰ ਮਾਣ ਨਾਲ ਉੱਚਾ ਹੋਇਆ ਹੈ, ਸਗੋਂ ਆਰੀਆਭੱਟਾ ਕਾਲਜ ਅਤੇ ਆਰਟਸ ਐਂਡ ਹਿਊਮੈਨਿਟੀਜ਼ ਵਿਭਾਗਲਈ ਵੀ ਇਹ ਇੱਕ ਮਾਣਮੱਤੀਉਪਲਬਧੀ ਹੈ। ਹੇਮਪੁਸ਼ਪਾ ਨੇ ਆਪਣੀ ਖੇਡ ਪ੍ਰਤਿਭਾ, ਸਖ਼ਤ ਮਿਹਨਤ, ਲਗਨ ਅਤੇ ਅਨੁਸ਼ਾਸਨ ਦਾ ਸ਼ਾਨਦਾਰਪ੍ਰਦਰਸ਼ਨ ਕਰਦਿਆਂ ਬੈਡਮਿੰਟਨ ਮੁਕਾਬਲੇ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਉਸ ਦੀ ਇਸ ਪ੍ਰਾਪਤੀ ਨੇ ਇਹ ਸਾਬਤ ਕੀਤਾ ਹੈ ਕਿ ਜੇਕਰ ਵਿਦਿਆਰਥੀਆਂ ਨੂੰ ਸਹੀ ਮਾਰਗਦਰਸ਼ਨ, ਮੌਕੇ ਅਤੇ ਉਤਸ਼ਾਹ ਮਿਲੇ ਤਾਂ ਉਹ ਸਿੱਖਿਆ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਵੀ ਵੱਡੀਆਂ ਉਪਲਬਧੀਆਂ ਹਾਸਲ ਕਰ ਸਕਦੇ ਹਨ। ਇਸ ਮੌਕੇ 'ਤੇ ਕਾਲਜ ਦੇ ਚੇਅਰਮੈਨ ਸ਼੍ਰੀ ਆਰ. ਕੇ. ਗੁਪਤਾ ਜੀ ਨੇ ਹੇਮਪੁਸ਼ਪਾ ਨੂੰ ਹਾਰਦਿਕ ਵਧਾਈ ਦਿੰਦਿਆਂ ਕਿਹਾ ਕਿ ਵਿਦਿਆਰਥੀਆਂ ਦੀਆਂ ਅਜਿਹੀਆਂ ਪ੍ਰਾਪਤੀਆਂ ਸਮੁੱਚੇ ਕਾਲਜ ਪਰਿਵਾਰ ਲਈ ਮਾਣ ਦਾ ਵਿਸ਼ਾ ਹਨ।ਉਨ੍ਹਾਂ ਕਿਹਾ ਕਿ ਆਰੀਆਭੱਟਾ ਕਾਲਜ ਹਮੇਸ਼ਾ ਵਿਦਿਆਰਥੀਆਂ ਨੂੰ ਅਕਾਦਮਿਕ ਸਿੱਖਿਆ ਦੇ ਨਾਲ-ਨਾਲ ਖੇਡਾਂ ਅਤੇ ਹੋਰ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਆਪਣੀ ਪ੍ਰਤਿਭਾ ਦਿਖਾਉਣ ਲਈ ਉਤਸ਼ਾਹਿਤ ਕਰਦਾ ਹੈ।ਉਨ੍ਹਾਂ ਹੇਮਪੁਸ਼ਪਾ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੰਦਿਆਂ ਹੋਰ ਵਿਦਿਆਰਥੀਆਂ ਨੂੰ ਵੀ ਉਸ ਤੋਂ ਪ੍ਰੇਰਣਾ ਲੈਣ ਲਈ ਕਿਹਾ। ਕੈਂਪਸ ਡਾਇਰੈਕਟਰ ਡਾ. ਅਜੈ ਮਿੱਤਲ ਜੀ ਨੇ ਵੀ ਹੇਮਪੁਸ਼ਪਾ ਦੀ ਇਸ ਪ੍ਰਾਪਤੀ 'ਤੇ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਅਨੁਸ਼ਾਸਨ, ਟੀਮ ਭਾਵਨਾ ਅਤੇ ਜਿੱਤਣ ਦਾ ਜਜ਼ਬਾ ਪੈਦਾ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਕਾਲਜ ਦੇ ਵਿਦਿਆਰਥੀਆਂ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਕੀਤੀਆਂ ਜਾ ਰਹੀਆਂ ਪ੍ਰਾਪਤੀਆਂ ਕਾਲਜ ਦੀ ਸਮੁੱਚੀ ਤਰੱਕੀ ਦਾ ਪ੍ਰਤੀਕ ਹਨ। ਉਨ੍ਹਾਂ ਹੇਮਪੁਸ਼ਪਾ ਨੂੰ ਭਵਿੱਖ ਵਿੱਚ ਹੋਰ ਵੱਡੀਆਂ ਮੰਜ਼ਿਲਾਂ ਹਾਸਲ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ।ਡੀਨ ਅਕਾਦਮਿਕਸ ਡਾ. ਭਵੇਤਗਰਗ ਜੀਨੇ ਕਿਹਾ ਕਿ ਹੇਮਪੁਸ਼ਪਾ ਦੀ ਇਹ ਉਪਲਬਧੀ ਉਸਦੀ ਮਿਹਨਤ, ਸਮਰਪਣ ਅਤੇ ਖੇਡ ਪ੍ਰਤੀ ਜਜ਼ਬੇ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਅਕਾਦਮਿਕ ਉੱਤਮਤਾ ਦੇ ਨਾਲ ਖੇਡਾਂ ਵਿੱਚ ਪ੍ਰਾਪਤ ਕੀਤੀ ਸਫਲਤਾ ਵਿਦਿਆਰਥੀ ਦੇ ਸਰਵਪੱਖੀ ਵਿਕਾਸ ਨੂੰ ਦਰਸਾਉਂਦੀ ਹੈ।ਉਨ੍ਹਾਂ ਹੇਮਪੁਸ਼ਪਾ ਨੂੰ ਵਧਾਈ ਦਿੰਦਿਆਂ ਉਸਦੇ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ। ਆਰਟਸ ਐਂਡ ਹਿਊਮੈਨਿਟੀਜ਼ ਵਿਭਾਗ ਦੀ ਮੁਖੀ ਅਸਿਸਟੈਂਟ ਪ੍ਰੋਫੈਸਰ ਭਾਵੁਕਤਾ ਸ਼ਰਮਾ ਜੀ ਨੇ ਹੇਮਪੁਸ਼ਪਾ ਦੀ ਇਸ ਪ੍ਰਾਪਤੀ 'ਤੇ ਮਾਣ ਪ੍ਰਗਟ ਕਰਦਿਆਂ ਕਿਹਾ ਕਿ ਇਹ ਪੂਰੇ ਵਿਭਾਗ ਲਈ ਬੇਹੱਦ ਖੁਸ਼ੀ ਅਤੇ ਮਾਣ ਦਾ ਪਲ ਹੈ। ਉਨ੍ਹਾਂ ਕਿਹਾ ਕਿ ਹੇਮਪੁਸ਼ਪਾ ਨੇ ਆਪਣੀ ਮਿਹਨਤ ਅਤੇ ਪ੍ਰਤਿਭਾ ਨਾਲ ਵਿਭਾਗ ਦਾ ਨਾਮ ਰੌਸ਼ਨ ਕੀਤਾ ਹੈ।ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਅਤੇ ਹੋਰ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਲਗਾਤਾਰ ਪ੍ਰੇਰਿਤ ਕੀਤਾ ਜਾਂਦਾ ਹੈ।ਇਸ ਮੌਕੇ 'ਤੇ ਕਾਮਰਸ ਐਂਡ ਮੈਨੇਜਮੈਂਟ ਵਿਭਾਗ ਦੇ ਮੁਖੀ ਡਾ. ਜਸ਼ਨਜੋਤ ਜੀ ਨੇ ਵੀ ਹੇਮਪੁਸ਼ਪਾ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਖੇਡਾਂ ਵਿੱਚ ਪ੍ਰਾਪਤ ਕੀਤੀ ਸਫਲਤਾ ਵਿਦਿਆਰਥੀਆਂ ਦੀ ਮਿਹਨਤ ਅਤੇ ਲਗਨ ਦਾ ਪ੍ਰਤੀਕ ਹੈ ਅਤੇ ਅਜਿਹੀਆਂ ਉਪਲਬਧੀਆਂ ਹੋਰ ਵਿਦਿਆਰਥੀਆਂ ਨੂੰ ਵੀ ਖੇਡਾਂ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰਦੀਆਂ ਹਨ। ਕੰਪਿਊਟਰ ਐਪਲੀਕੇਸ਼ਨਜ਼ ਵਿਭਾਗ ਦੇ ਮੁਖੀ ਸ਼੍ਰੀਰਜਨੀਸ਼ ਨਰੂਲਾ ਜੀ ਨੇ ਵੀ ਹੇਮਪੁਸ਼ਪਾ ਨੂੰ ਹਾਰਦਿਕ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਕਾਲਜ ਦੇ ਵਿਦਿਆਰਥੀਆਂ ਵੱਲੋਂ ਖੇਡਾਂ ਦੇ ਖੇਤਰ ਵਿੱਚ ਕੀਤੀਆਂ ਜਾ ਰਹੀਆਂ ਪ੍ਰਾਪਤੀਆਂ ਬਹੁਤ ਹੀ ਸ਼ਲਾਘਾਯੋਗ ਹਨ।ਉਨ੍ਹਾਂ ਹੇਮਪੁਸ਼ਪਾ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਅਤੇ ਸਮਰਪਣ ਨਾਲ ਅੱਗੇ ਵਧਣ ਲਈ ਸ਼ੁਭਕਾਮਨਾਵਾਂ ਦਿੱਤੀਆਂ।ਕਲਾਸ ਇੰਚਾਰਜ ਅਸਿਸਟੈਂਟ ਪ੍ਰੋਫੈਸਰ ਗਗਨਦੀਪ ਕੌਰ ਨੇ ਵੀ ਹੇਮਪੁਸ਼ਪਾ ਦੀ ਪ੍ਰਾਪਤੀ 'ਤੇ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਵਿਦਿਆਰਥਣ ਦੀ ਇਹ ਸਫਲਤਾ ਉਸਦੀ ਮਿਹਨਤ ਅਤੇ ਲਗਨ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਹੇਮਪੁਸ਼ਪਾ ਨੇ ਆਪਣੇ ਸਾਥੀ ਵਿਦਿਆਰਥੀਆਂ ਲਈ ਇੱਕ ਪ੍ਰੇਰਣਾਦਾਇਕ ਉਦਾਹਰਨ ਪੇਸ਼ ਕੀਤੀ ਹੈ।ਫਿਜ਼ੀਕਲ ਐਜੂਕੇਸ਼ਨ ਵਿਭਾਗ ਦੇ ਸਪੋਰਟਸਇੰਚਾਰਜਸ਼੍ਰੀ ਮਨਦੀਪ ਸਿੰਘ ਨੇ ਵੀ ਹੇਮਪੁਸ਼ਪਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਖੇਡਾਂ ਵਿੱਚ ਨਿਰੰਤਰ ਅਭਿਆਸ, ਅਨੁਸ਼ਾਸਨ ਅਤੇ ਮਿਹਨਤ ਸਫਲਤਾ ਦੀ ਕੁੰਜੀ ਹਨ। ਉਨ੍ਹਾਂ ਕਿਹਾ ਕਿ ਹੇਮਪੁਸ਼ਪਾ ਨੇ ਆਪਣੀ ਪ੍ਰਤਿਭਾ ਅਤੇ ਮਿਹਨਤ ਨਾਲ ਇਹ ਉਪਲਬਧੀ ਹਾਸਲ ਕੀਤੀ ਹੈ ਅਤੇ ਇਹ ਕਾਲਜ ਦੇ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਣਾ ਦਾ ਸਰੋਤ ਹੈ। ਇਸ ਮੌਕੇ 'ਤੇ ਕਾਲਜ ਦੇ ਹੋਰ ਵਿਭਾਗਾਂ ਦੇ ਮੁਖੀਆਂ, ਅਧਿਆਪਕਾਂ ਅਤੇ ਗੈਰ-ਅਧਿਆਪਨ ਸਟਾਫ਼ ਵੱਲੋਂ ਵੀ ਹੇਮਪੁਸ਼ਪਾ ਨੂੰ ਹਾਰਦਿਕ ਵਧਾਈ ਦਿੱਤੀ ਗਈ। ਸਮੂਹ ਕਾਲਜ ਪਰਿਵਾਰ ਨੇ ਉਸਦੀ ਇਸ ਉਪਲਬਧੀ 'ਤੇ ਖੁਸ਼ੀ ਪ੍ਰਗਟ ਕਰਦਿਆਂ ਭਵਿੱਖ ਵਿੱਚ ਹੋਰ ਵੱਡੀਆਂ ਸਫਲਤਾਵਾਂ ਲਈ ਸ਼ੁਭਕਾਮਨਾਵਾਂ ਦਿੱਤੀਆਂ। ਕਾਲਜ ਪ੍ਰਬੰਧਨ ਵੱਲੋਂ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਨੂੰ ਹਮੇਸ਼ਾ ਉਤਸ਼ਾਹਿਤ ਕਰਨ ਅਤੇ ਉਨ੍ਹਾਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਲਈ ਉਚਿਤ ਮੌਕੇ ਪ੍ਰਦਾਨ ਕਰਨ 'ਤੇ ਵੀ ਜ਼ੋਰ ਦਿੱਤਾ ਗਿਆ। ਕਾਲਜ ਪ੍ਰਬੰਧਨ ਦਾ ਮੰਨਣਾ ਹੈ ਕਿ ਸਿੱਖਿਆ ਦੇ ਨਾਲ ਖੇਡਾਂ, ਸੱਭਿਆਚਾਰਕ ਗਤੀਵਿਧੀਆਂ ਅਤੇ ਹੋਰ ਸਹਿ-ਪਾਠਕ੍ਰਮ ਸਰਗਰਮੀਆਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਬੇਹੱਦ ਮਹੱਤਵਪੂਰਨ ਹਨ। ਇਸ ਮੌਕੇ 'ਤੇ ਕਾਲਜ ਪ੍ਰਬੰਧਨ ਦੇ ਚੇਅਰਮੈਨ ਸ਼੍ਰੀ ਆਰ.ਕੇ. ਗੁਪਤਾ ਜੀ, ਕੈਂਪਸ ਡਾਇਰੈਕਟਰ ਡਾ. ਅਜੈ ਮਿੱਤਲ ਜੀ, ਸਮੂਹ ਪ੍ਰਬੰਧਕ ਕਮੇਟੀ ਦੇ ਮੈਂਬਰ ਸ਼੍ਰੀਰਾਜੀਵਮੰਗਲਾ ਜੀ, ਸ਼੍ਰੀ ਵਿੱਕੀ ਸਿੰਗਲ ਜੀ, ਸ਼੍ਰੀਇੰਦਰਪਾਲ ਗੋਇਲ ਜੀ, ਸ਼੍ਰੀ ਮੋਹਿਤ ਮੰਗਲਾ ਜੀ, ਸ਼੍ਰੀਅਸ਼ਵਨੀ ਕੁਮਾਰ ਜੀ ਅਤੇ ਸ਼੍ਰੀ ਹਰਭਜਨ ਸਿੰਘ ਜੀ, ਸਮੂਹ ਅਧਿਆਪਕਾਂ, ਗੈਰ-ਅਧਿਆਪਨ ਸਟਾਫ਼ ਅਤੇ ਆਰਟਸ ਐਂਡ ਹਿਊਮੈਨਿਟੀਜ਼ ਵਿਭਾਗਵੱਲੋਂ ਹੇਮਪੁਸ਼ਪਾ ਦੀ ਇਸ ਸ਼ਾਨਦਾਰ ਪ੍ਰਾਪਤੀ ਦੀ ਭਰਪੂਰ ਸ਼ਲਾਘਾ ਕੀਤੀ ਗਈ। ਹੇਮਪੁਸ਼ਪਾ ਦੀ ਇਹ ਉਪਲਬਧੀਆਰੀਆਭੱਟ ਕਾਲਜ, ਬਰਨਾਲਾ ਅਤੇ ਆਰਟਸ ਐਂਡ ਹਿਊਮੈਨਿਟੀਜ਼ ਵਿਭਾਗ ਲਈ ਮਾਣ ਦਾ ਵਿਸ਼ਾ ਹੈ। ਉਸਦੀ ਇਸ ਸਫਲਤਾ ਨੇ ਕਾਲਜ ਦੇ ਹੋਰ ਵਿਦਿਆਰਥੀਆਂ ਨੂੰ ਵੀ ਖੇਡਾਂ ਵਿੱਚ ਵਧ-ਚੜ੍ਹ ਕੇ ਭਾਗ ਲੈਣ ਅਤੇ ਆਪਣੀ ਪ੍ਰਤਿਭਾ ਨੂੰ ਨਿਖਾਰਨ ਲਈ ਪ੍ਰੇਰਿਤ ਕੀਤਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਧਾਰਮਿਕ ਖਿਆਲਾਂ ਦੇ ਮਾਲਕ ਸਮੁੰਦਰ ਸਿੰਘ ਮਿਸ਼ਰੀਵਾਲਾ ਦੇ ਅਕਾਲ ਚਲਾਣੇ ਤੇ ਪਰਿਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ



ਫ਼ਿਰੋਜ਼ਪੁਰ, 05 ਅਕਤੂਬਰ (ਮਨੋਹਰ ਲਾਲ) :— ਇੱਕ ਨੂਰ ਖਾਲਸਾ ਫੌਜ ਦੇ ਪ੍ਰਧਾਨ ਲਖਬੀਰ ਸਿੰਘ ਮਹਾਲਮ ਨੂੰ ਗਹਿਰਾ ਸਦਮਾ ਸੋਹਰਾ ਸਮੁੰਦਰ ਸਿੰਘ ਮਿਸਰੀ ਵਾਲਾ ਅਕਾਲ ਚਲਾਨਾ ਕਰ ਗਏ। ਦਸਣਯੋਗ ਹੈ ਕਿ ਸਰਦਾਰ ਸਮੁੰਦਰ ਸਿੰਘ ਪੁੱਤਰ ਆਤਮਾ ਸਿੰਘ ਪਿੰਡ ਮਿਸ਼ਰੀਵਾਲਾ ਆਪਣੀ ਜਿੰਦਗੀ ਦੀਆਂ 75 ਕੂ ਬਹਾਰਾਂ ਵੇਖ ਕੇ ਇਸ ਫਾਨੀ ਸੰਸਾਰ ਨੂੰ ਸਦਾ ਸਦਾ ਲਈ ਅਲਵਿਦਾ ਕਹਿ ਗਏ ਪਿੱਛੇ ਆਪਣੀ ਧਰਮ ਪਤਨੀ ਲਖਵਿੰਦਰ ਕੌਰ ਬੇਟਾ ਗੁਰਜੰਟ ਸਿੰਘ ਚਾਰ ਬੇਟੀਆਂ ਬਲਜਿੰਦਰ ਕੌਰ ਸਤਵਿੰਦਰ ਕੌਰ ਰਾਜਵੰਤ ਕੌਰ ਰਮਨਦੀਪ ਕੌਰ ਨੂੰ ਰੋਂਦੇ ਕੁਰਲਾਉਂਦੇ ਵਾਹਿਗੁਰੂ ਆਸਰੇ ਛੱਡ ਸਦਾ ਸਦਾ ਚਲੇ ਲਈ ਗਏ। ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਨ ਪੁੱਜੀਆਂ ਸਖਸ਼ੀਅਤਾਂ ਨੇ ਕਿਹਾ ਕਿ ਸਰਦਾਰ ਸੁਮੰਦਰ ਸਿੰਘ ਅੰਮ੍ਰਿਤਧਾਰੀ ਸਨ ਅਤੇ ਧਾਰਮਿਕ ਖਿਆਲਾ ਦੀ ਸ਼ਖਸ਼ੀਅਤ ਸਨ, ਜਿਨ੍ਹਾਂ ਦੇ ਚਲੇ ਜਾਣ ਨਾਲ ਪਰਿਵਾਰ ਇਕ ਦਮ ਹਲੂਨਿਆ ਗਿਆ ਅਸੀਂ ਵਾਹਿਗੁਰੂ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕਰਦੇ ਹਾਂ ਕਿ ਵਾਹਿਗੁਰੂ ਸਰਦਾਰ ਸਮੁੰਦਰ ਸਿੰਘ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਪਿੱਛੇ ਪਰਿਵਾਰ ਰਿਸ਼ਤੇਦਾਰ ਸਾਕ ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ। ਸਰਦਾਰ ਸਮੁੰਦਰ ਸਿੰਘ ਦੀ ਆਤਮਾ ਦੀ ਸਾਂਤੀ ਲਈ ਅੰਤਿਮ ਅਰਦਾਸ ਅਤੇ ਪਾਠ ਦਾ ਭੋਗ 11 ਅਕਤੂਬਰ ਦਿਨ ਐਤਵਾਰ ਨੂੰ ਗੁਰਦੁਆਰਾ ਮਿਸਰੀ ਵਾਲਾ 12 ਤੋਂ 1 ਵਜੇ ਪਾਇਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਬਾਬਾ ਬੁੱਢਾ ਸਾਹਿਬ ਜੀ ਦੇ ਸਲਾਨਾ ਜੋੜ ਮੇਲੇ ਤੇ ਸਰਬਤ ਦਾ ਭਲਾ ਵੈਲਫੇਅਰ ਸੋਸਾਇਟੀ ਵੱਲੋਂ ਸੰਗਤਾਂ ਲਈ ਲੰਗਰ ਦੀ ਸੇਵਾ



ਫ਼ਿਰੋਜ਼ਪੁਰ, 05 ਅਕਤੂਬਰ (ਮਨੋਹਰ ਲਾਲ) :— ਧੰਨ ਧੰਨ ਬਾਬਾ ਬੁੱਢਾ ਸਾਹਿਬ ਜੀ ਦੇ ਇਤਿਹਾਸਿਕ ਸਥਾਨ ਪਿੰਡ ਝਬਾਲ ਵਿਖੇ ਸਲਾਨਾ ਜੋੜ ਮੇਲੇ ਨੂੰ ਮੁੱਖ ਰੱਖਦਿਆਂ ਸਰਬੱਤ ਦਾ ਭਲਾ ਵੈਲਫੇਅਰ ਸੋਸਾਇਟੀ ਵੱਲੋਂ ਸੰਗਤਾਂ ਲਈ ਲਗਾਏ ਜਾਣ ਵਾਲੇ ਕੇਲਿਆਂ ਦੇ ਲੰਗਰ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸੋਸਾਇਟੀ ਪ੍ਰਧਾਨ ਜਰਨੈਲ ਸਿੰਘ ਗਾਬੜੀਆ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਜੀ ਜੋੜ ਮੇਲੇ ਤੇ ਦੇਸ਼ ਵਿਦੇਸ਼ ਤੋਂ ਪੁੱਜਣ ਵਾਲੀਆਂ ਸੰਗਤਾਂ ਲਈ ਵੱਡੀ ਮਾਤਰਾ ਵਿੱਚ ਕੇਲਿਆ ਦੇ ਲੰਗਰ ਦਾ ਇੰਤਜ਼ਾਮ ਕੀਤਾ ਗਿਆ ਹੈ। ਸੋਸਾਇਟੀ ਆਗੂਆਂ ਨੇ ਕਿਹਾ ਕਿ ਬਾਬਾ ਬੁੱਢਾ ਸਾਹਿਬ ਜੀ ਦੀ ਪਵਿੱਤਰ ਚਰਨ ਛੋਹ ਧਰਤੀ ਤੇ ਆਉਣ ਵਾਲੀ ਸੰਗਤ ਦੀ ਸੇਵਾ ਕਰਨਾ ਸਾਡੇ ਲਈ ਵੱਡੇ ਭਾਗਾਂ ਵਾਲੀ ਗੱਲ ਹੈ ਸੁਸਾਇਟੀ ਦੇ ਸਮੂਹ ਸੇਵਾਦਾਰਾਂ ਵੱਲੋਂ ਸਾਫ ਸਫਾਈ ਅਤੇ ਲੰਗਰ ਨੂੰ ਵਰਤਾਉਣ ਲਈ ਵੱਖ—ਵੱਖ ਟੀਮਾਂ ਤਿਆਰ ਕੀਤੀਆਂ ਗਈਆਂ ਹਨ। ਇਸ ਮੌਕੇ ਸੋਸਾਇਟੀ ਵੱਲੋਂ ਸਮੂਹ ਸੰਗਤ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਜੋੜ ਮੇਲੇ ਦੌਰਾਨ ਗੁਰੂ ਘਰ ਨਤਮਸਤਕ ਹੋ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਸੋਸਾਇਟੀ ਆਗੂਆਂ ਨੇ ਅੱਗੇ ਬੋਲਦੇ ਹੋਏ ਕਿਹਾ ਕਿ ਨੌਜਵਾਨਾਂ ਨੂੰ ਗੁਰੂਆਂ ਮਹਾਂਪੁਰਖਾਂ ਦੇ ਦੱਸੇ ਹੋਏ ਰਾਹ ਤੇ ਚਲਣਾ ਚਾਹੀਦਾ ਹੈ ਅਤੇ ਜਿਸ ਤਰ੍ਹਾਂ ਅੱਜ ਨਸ਼ੇ ਦਾ ਰੁਝਾਨ ਕਾਫੀ ਵੱਧ ਗਿਆ ਹੈ ਨਸ਼ੇ ਨੂੰ ਤਿਆਗਣਾ ਚਾਹੀਦਾ ਹੈ। ਇਸ ਲੰਗਰ ਦਾ ਸੇਵਾਦਾਰਾਂ ਵਿੱਚ ਭਾਰੀ ਉਤਸਾਹ ਅਤੇ ਸ਼ਰਧਾ ਵੇਖਣ ਨੂੰ ਮਿਲ ਰਹੀ ਹੈ। ਸੁਸਾਇਟੀ ਵੱਲੋਂ ਖਾਸ ਕਰਕੇ ਅਨੂਮੀਤ ਸਿੰਘ ਹੀਰਾ ਸੋਢੀ ਦਾ ਖਾਸ ਧੰਨਵਾਦ ਕੀਤਾ ਗਿਆ ਜਿਨਾਂ ਨੇ ਇਸ ਲੰਗਰ ਵਿੱਚ ਆਪਣਾ ਵੱਧ ਚੜ ਕੇ ਸਹਿਯੋਗ ਦਿੱਤਾ ਅਤੇ ਸਾਗਰ ਤੇਜੀ ਨੇ ਵੀ ਇਸ ਲੰਗਰ ਵਿੱਚ ਵਡਮੁੱਲਾ ਯੋਗਦਾਨ ਪਾਇਆ। ਇਸ ਮੌਕੇ ਸੋਸਾਇਟੀ ਪ੍ਰਧਾਨ ਜਰਨੈਲ ਸਿੰਘ ਗਾਬੜੀਆ ਤੋਂ ਇਲਾਵਾ ਚੇਅਰਮੈਨ ਰਿਟਾਇਰਡ ਡੀਐਸਪੀ ਗੋਪਾਲ ਚੰਦ ਭੰਡਾਰੀ ਸਰਪ੍ਰਸਤ ਵਿਪੁਲ ਅਰੋੜਾ ਮੀਤ ਪ੍ਰਧਾਨ ਗੋਲਡੀ ਮਾਰਸ਼ਲ ਵਾਲੇ ਸ਼ਿਵ ਕਬੀਰ ਸਿੰਘ ਜੋਰਾ ਨੀਰਜ ਕੁਮਾਰ ਹਾਂਡਾ ਹਰਜਿੰਦਰ ਸਿੰਘ ਬੱਗਾ ਸਵਰਨ ਸਿੰਘ ਅਮਰ ਸਿੰਘ ਵਰਿੰਦਰ ਸਿੰਘ ਜਥੇਦਾਰ ਬਲਕਾਰ ਸਿੰਘ ਸੁਖਦੇਵ ਸਿੰਘ ਆਦੀ ਮੈਂਬਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਭਲਾਈਪੁਰ ਦੇ ਅਕਾਲ ਚਲਾਣੇ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਦੁੱਖ ਦਾ ਪ੍ਰਗਟਾਵਾ



**ਅੰਮ੍ਰਿਤਸਰ, 5 ਅਕਤੂਬਰ (ਆਵਾਜ਼-ਏ-ਕੌਮ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਅਮਰਜੀਤ ਸਿੰਘ ਭਲਾਈਪੁਰ ਦੇ ਅਕਾਲ ਚਲਾਣੇ ਉੱਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਜਥੇਦਾਰ ਸਾਹਿਬ ਨੇ ਪਰਿਵਾਰ ਨਾਲ ਸੰਵੇਦਨਾ ਪ੍ਰਗਟ ਕਰਦਿਆਂ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ।ਉਨ੍ਹਾਂ ਕਿਹਾ ਕਿ ਭਾਈ ਅਮਰਜੀਤ ਸਿੰਘ ਭਲਾਈਪੁਰ ਬਹੁਤ ਹੀ ਮਿਲਾਪੜੇ ਸੁਭਾਅ ਦੇ ਮਾਲਕ ਸਨ ਅਤੇ ਹਮੇਸ਼ਾ ਸਿੱਖੀ ਪ੍ਰਚਾਰ ਪ੍ਰਸਾਰ ਲਈ ਕਾਰਜਸ਼ੀਲ ਰਹਿੰਦੇ ਸਨ। ਬਜ਼ੁਰਗ ਅਵਸਥਾ ਵਿੱਚ ਵੀ ਉਹ ਆਪਣੇ ਇਲਾਕੇ ਦੇ ਸਿੱਖਾਂ ਦੇ ਕਾਰਜਾਂ ਲਈ ਖੁਦ ਉੱਦਮ ਕਰਦੇ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਜਾਂਚ ਰਿਪੋਰਟ ਤੋਂ ਪਹਿਲਾਂ

# ਇਕਪਾਸੜ ਬਿਆਨਬਾਜ਼ੀ ਕਰਨਾ ਉਚਿਤ ਨਹੀਂ- ਸ਼੍ਰੋਮਣੀ ਕਮੇਟੀ ਅਹੁਦੇਦਾਰ



**ਅੰਮ੍ਰਿਤਸਰ, 5 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਨੰਦਪੁਰ ਸਾਹਿਬ ਨਾਲ ਸਬੰਧਤ ਮਾਮਲੇ ਬਾਰੇ ਗਠਿਤ ਜਾਂਚ ਕਮੇਟੀ ਦੀ ਰਿਪੋਰਟ ਆਉਣ ਤੋਂ ਪਹਿਲਾਂ ਹੀ ਕਿਸੇ ਵੱਲੋਂ ਲਗਾਏ ਗਏ ਦੋਸ਼ਾਂ ਨੂੰ ਅੰਤਿਮ ਸੱਚ ਮੰਨ ਲੈਣਾ ਅਤੇ ਉਸ ਦੇ ਆਧਾਰ ’ਤੇ ਇਕਪਾਸੜ ਧਾਰਨਾ ਬਣਾਉਣਾ ਨਿਆਂਸੰਗਤ ਨਹੀਂ ਹੈ। ਇਸ ਤਰ੍ਹਾਂ ਦੀ ਇਕਪਾਸੜ ਬਿਆਨਬਾਜ਼ੀ ਨਾ ਸਿਰਫ਼ ਮਾਮਲੇ ਦੀ ਨਿਰਪੱਖਤਾ ਨੂੰ ਪ੍ਰਭਾਵਿਤ ਕਰਦੀ ਹੈ, ਸਗੋਂ ਜਾਂਚ ਦੀ ਦਿਸ਼ਾ ਬਾਰੇ ਵੀ ਗ਼ਲਤ ਧਾਰਨਾ ਪੈਦਾ ਕਰ ਸਕਦੀ ਹੈ। ਇਹ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਸਾਬਕਾ ਪ੍ਰਧਾਨ ਸ. ਅਲਵਿੰਦਰਪਾਲ ਸਿੰਘ ਪੱਖੋਕੇ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਤੁਗਲਵਾਲ, ਮੈਂਬਰ ਸ. ਸੁਰਜੀਤ ਸਿੰਘ ਭਿੱਟੇਵੱਡ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਗੁਰਬਚਨ ਸਿੰਘ ਕਰਮੂੰਵਾਲਾ, ਸ. ਬਾਵਾ ਸਿੰਘ ਗੁਮਾਨਪੁਰਾ ਤੇ ਸ. ਅਮਰਜੀਤ ਸਿੰਘ ਬੰਡਾਲਾ ਨੇ ਸੋਸ਼ਲ ਮੀਡੀਆ ’ਤੇ ਸਿੱਖ ਸ਼ਖ਼ਸੀਅਤਾਂ ਅਤੇ ਸ਼੍ਰੋਮਣੀ ਕਮੇਟੀ ਖਿਲਾਫ਼ ਕੀਤੇ ਜਾ ਰਹੇ ਗ਼ਲਤ ਪ੍ਰਚਾਰ ’ਤੇ ਪ੍ਰਤੀਕਰਮ ਦਿੰਦਿਆਂ ਕੀਤਾ।

ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰ ਅਤੇ ਮੈਂਬਰਾਂ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਇਸ ਮਾਮਲੇ ਦੀ ਗੰਭੀਰਤਾ ਨੂੰ ਧਿਆਨ ਵਿਚ ਰੱਖਦਿਆਂ ਜਾਂਚ ਕਮੇਟੀ ਦਾ ਗਠਨ ਕੀਤਾ ਗਿਆ ਹੈ। ਇਸ ਦੇ ਨਾਲ ਹੀ ਪੁਲਿਸ ਵੱਲੋਂ ਵੀ ਦਰਜ ਹੋਈ ਐਫਆਈਆਰ ਦੇ ਮਾਮਲੇ ਵਿਚ ਪੜਤਾਲ ਕੀਤੀ ਜਾ ਰਹੀ ਹੈ। ਅਜਿਹੀ ਸਥਿਤੀ ਵਿਚ ਜਾਂਚ ਦੇ ਨਤੀਜੇ ਤੋਂ ਪਹਿਲਾਂ ਹੀ ਕਿਸੇ ਇੱਕ ਪੱਖ ਦੇ ਬਿਆਨ ਨੂੰ ਪੂਰਾ ਸੱਚ ਮੰਨ ਲੈਣਾ ਅਤੇ ਕਿਸੇ ਵਿਅਕਤੀ, ਸੰਸਥਾ ਜਾਂ ਅਹੁਦੇਦਾਰ ਬਾਰੇ ਨਿਰਣਾ ਸੁਣਾ ਦੇਣਾ ਨਿਰਪੱਖ ਜਾਂਚ ਦੀ ਪ੍ਰਕਿਰਿਆ ਨੂੰ ਪ੍ਰਭਾਵਿਤ ਕਰਨ ਵਾਲਾ ਹੋ ਸਕਦਾ ਹੈ।

ਉਨ੍ਹਾਂ ਕਿਹਾ ਕਿ ਇਹ ਵੀ ਜ਼ਰੂਰੀ ਹੈ ਕਿ ਇਸ ਤਰ੍ਹਾਂ ਦੇ ਸੰਵੇਦਨਸ਼ੀਲ ਮਾਮਲਿਆਂ ਨੂੰ ਸੋਸ਼ਲ ਮੀਡੀਆ ਦੀਆਂ ਧਾਰਨਾਵਾਂ ਜਾਂ ਇਕਪਾਸੜ ਬਿਆਨਬਾਜ਼ੀ ਦੇ ਆਧਾਰ ’ਤੇ ਨਹੀਂ, ਸਗੋਂ ਤੱਥਾਂ ਅਤੇ ਸਬੂਤਾਂ ਦੇ ਆਧਾਰ ’ਤੇ ਦੇਖਿਆ ਜਾਵੇ। ਜੇਕਰ ਕਿਸੇ ਵਿਅਕਤੀ ਵੱਲੋਂ ਕੋਈ ਦੋਸ਼ ਲਗਾਇਆ ਗਿਆ ਹੈ ਤਾਂ ਉਸ ਦੀ ਸੱਚਾਈ ਜਾਂਚ ਦਾ ਵਿਸ਼ਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਅਹੁਦੇਦਾਰਾਂ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਸਪੱਸ਼ਟ ਮਤ ਹੈ ਕਿ ਜੋ ਵੀ ਸੱਚ ਹੈ, ਉਹ ਜਾਂਚ ਰਿਪੋਰਟ ਰਾਹੀਂ ਤੱਥਾਂ ਸਮੇਤ ਸਾਹਮਣੇ ਆਉਣਾ ਚਾਹੀਦਾ ਹੈ। ਜੇਕਰ ਕਿਸੇ ਪੱਧਰ ’ਤੇ ਕੋਈ ਉਲੰਘਣਾ ਸਾਹਮਣੇ ਆਉਂਦੀ ਹੈ ਤਾਂ ਉਸ ਬਾਰੇ ਨਿਯਮਾਂ ਅਤੇ ਸੰਸਥਾਗਤ ਪ੍ਰਕਿਰਿਆ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇ, ਪਰ ਜਾਂਚ ਪੂਰੀ ਹੋਣ ਤੋਂ ਪਹਿਲਾਂ ਹੀ ਸ਼੍ਰੋਮਣੀ ਕਮੇਟੀ ਨਾਲ ਜੁੜੀਆਂ ਸ਼ਖ਼ਸੀਅਤਾਂ ਬਾਰੇ ਨਕਾਰਾਤਮਕ ਧਾਰਨਾ ਬਣਾਉਣਾ ਕਿਸੇ ਵੀ ਤਰ੍ਹਾਂ ਉਚਿਤ ਨਹੀਂ। ਉਨ੍ਹਾਂ ਕਿਹਾ ਕਿ ਇਹ ਗੱਲ ਵੀ ਮਹੱਤਵਪੂਰਨ ਹੈ ਕਿ ਸ਼੍ਰੋਮਣੀ ਕਮੇਟੀ ਕਿਸੇ ਵੀ ਮਾਮਲੇ ਨੂੰ ਦਬਾਉਣ ਜਾਂ ਅਣਦੇਖਾ ਕਰਨ ਦੇ ਪੱਖ ਵਿਚ ਨਹੀਂ ਹੈ। ਸੰਸਥਾ ਦੀ ਜ਼ਿੰਮੇਵਾਰੀ ਹੈ ਕਿ ਗੰਭੀਰ ਮਾਮਲਿਆਂ ਦੀ ਤੱਥਾਂ ਦੇ ਆਧਾਰ ’ਤੇ ਜਾਂਚ ਕਰਕੇ ਜੇਕਰ ਕੋਈ ਦੋਸ਼ੀ ਸਾਹਮਣੇ ਆਉਂਦੇ ਹਨ ਤਾਂ ਉਨ੍ਹਾਂ ਖ਼ਿਲਾਫ਼ ਉਚਿਤ ਕਦਮ ਚੁੱਕੇ ਜਾਣ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਮੀਡੀਆ ਸਲਾਹਕਾਰ ਬਲਤੇਜ ਪੰਨੂ ਸਿਆਸੀ ਮੁਫ਼ਾਦ ਲਈ ਸਿੱਖ ਸੰਸਥਾ ਅਤੇ ਸ਼ਖ਼ਸੀਅਤਾਂ ਖਿਲਾਫ਼ ਲਗਾਤਾਰ ਬਿਆਨਬਾਜ਼ੀ ਕਰ ਰਹੇ ਹਨ। ਕਿਸੇ ਵੀ ਧਿਰ ਨੂੰ ਅਜਿਹੇ ਗੰਭੀਰ ਮਾਮਲੇ ’ਤੇ ਸਿਆਸਤ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿਚ ਸੱਚਾਈ ਨੂੰ ਸਾਹਮਣੇ ਲਿਆਉਣ ਲਈ ਜਾਂਚ ਨੂੰ ਆਪਣਾ ਕੰਮ ਕਰਨ ਦਿੱਤਾ ਜਾਣਾ ਚਾਹੀਦਾ ਹੈ। ਕਿਸੇ ਵੀ ਤਰ੍ਹਾਂ ਦੀ ਇਕਪਾਸੜ ਬਿਆਨਬਾਜ਼ੀ ਜਾਂ ਬਿਨਾਂ ਤੱਥਾਂ ਦੇ ਨਤੀਜੇ ਕੱਢਣ ਦੀ ਬਜਾਏ ਨਿਰਪੱਖ ਜਾਂਚ ਅਤੇ ਤੱਥਾਂ ’ਤੇ ਭਰੋਸਾ ਕਰਨਾ ਹੀ ਸਿਆਣਪ ਹੈ। ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰਾਂ ਨੇ ਇਹ ਵੀ ਕਿਹਾ ਕਿ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਸ਼ਖ਼ਸੀਅਤ ਸੱਚੀ ਸੁੱਚੀ ਅਤੇ ਇਮਾਨਦਾਰੀ ਵਾਲੀ ਹੈ। ਉਨ੍ਹਾਂ ਦੀਆਂ ਨਿਰਸਵਾਰਥ ਅਤੇ ਸਮਰਪਣ ਭਾਵ ਨਾਲ ਕੀਤੀਆਂ ਸੇਵਾਵਾਂ ਨੂੰ ਨਜ਼ਰਅੰਦਾਜ਼ ਕਰਕੇ ਬਿਨਾਂ ਤੱਥਾਂ ਤੋਂ ਇਲਜ਼ਾਮਬਾਜ਼ੀ ਕਰਨਾ ਉੱਚਿਤ ਨਹੀਂ। ਅਜਿਹੀ ਸ਼ਖ਼ਸੀਅਤ ਦੇ ਘਰ ਦੇ ਬਾਹਰ ਧਰਨੇ ਲਗਾਉਣਾ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ ਕਿਹਾ ਜਾ ਸਕਦਾ।

ਸ਼੍ਰੋਮਣੀ ਕਮੇਟੀ ਦੀ ਜਾਂਚ ਕਮੇਟੀ ਸ੍ਰੀ ਅਨੰਦਪੁਰ ਸਾਹਿਬ ਮਾਮਲੇ ਦੀ

# ਭਲਕੇ ਸੌਂਪੇਗੀ ਮੁੱਢਲੀ ਰਿਪੋਰਟ



**ਅੰਮ੍ਰਿਤਸਰ, 5 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਨਾਲ ਸਬੰਧਤ ਮਾਮਲੇ ਦੀ ਤੱਥਾਂ ਦੇ ਆਧਾਰ ’ਤੇ ਨਿਰਪੱਖ ਜਾਂਚ ਲਈ ਗਠਿਤ ਕੀਤੀ ਗਈ ਚਾਰ ਮੈਂਬਰੀ ਜਾਂਚ ਕਮੇਟੀ ਆਪਣੀ ਮੁੱਢਲੀ ਰਿਪੋਰਟ ਭਲਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੂੰ ਸੌਂਪੇਗੀ। ਇਹ ਜਾਣਕਾਰੀ ਸ਼੍ਰੋਮਣੀ ਕਮੇਟੀ ਦੇ ਸਕੱਤਰ ਅਤੇ ਜਾਂਚ ਕਮੇਟੀ ਦੇ ਕੁਆਰਡੀਨੇਟਰ ਸ. ਬਲਵਿੰਦਰ ਸਿੰਘ ਕਾਹਲਵਾਂ ਨੇ ਅੱਜ ਜਾਰੀ ਇਕ ਬਿਆਨ ਰਾਹੀਂ ਦਿੱਤੀ।

ਸ. ਕਾਹਲਵਾਂ ਨੇ ਕਿਹਾ ਕਿ ਇਸ ਮਾਮਲੇ ਵਿਚ ਜਾਂਚ ਕਮੇਟੀ ਵੱਲੋਂ ਸਬੰਧਤ ਤੱਥਾਂ, ਦਸਤਾਵੇਜ਼ਾਂ ਅਤੇ ਵੱਖ-ਵੱਖ ਪੱਖਾਂ ਨੂੰ ਗੰਭੀਰਤਾ ਨਾਲ ਘੋਖਦਿਆਂ ਪੂਰੀ ਜ਼ਿੰਮੇਵਾਰੀ ਅਤੇ ਨਿਰਪੱਖਤਾ ਨਾਲ ਜਾਂਚ ਕੀਤੀ ਜਾ ਰਹੀ ਹੈ। ਜਾਂਚ ਦਾ ਮੁੱਖ ਉਦੇਸ਼ ਕਿਸੇ ਵਿਅਕਤੀ ਜਾਂ ਪੱਖ ਦੀ ਗੱਲ ਕਰਨਾ ਨਹੀਂ, ਸਗੋਂ ਮਾਮਲੇ ਨਾਲ ਸਬੰਧਤ ਅਸਲ ਤੱਥ ਪੇਸ਼ ਕਰਨਾ ਹੈ।

ਉਨ੍ਹਾਂ ਕਿਹਾ ਕਿ ਜਾਂਚ ਤੋਂ ਪਹਿਲਾਂ ਹੀ ਕਿਸੇ ਤਰ੍ਹਾਂ ਦਾ ਨਤੀਜਾ ਕੱਢਣਾ, ਇਕਪਾਸੜ ਧਾਰਨਾ ਬਣਾਉਣਾ ਜਾਂ ਬਿਨਾਂ ਤੱਥਾਂ ਦੇ ਬਿਆਨਬਾਜ਼ੀ ਕਰਨਾ ਨਾ ਤਾਂ ਉਚਿਤ ਹੈ ਅਤੇ ਨਾ ਹੀ ਕਿਸੇ ਗੰਭੀਰ ਮਾਮਲੇ ਦੀ ਜਾਂਚ ਪ੍ਰਕਿਰਿਆ ਦੇ ਅਨੁਕੂਲ ਹੈ। ਉਨ੍ਹਾਂ ਕਿਹਾ ਕਿ ਅਜਿਹੇ ਮਾਮਲਿਆਂ ਵਿਚ ਸੱਚ ਸਾਹਮਣੇ ਆਉਣ ਤੋਂ ਪਹਿਲਾਂ ਕੀਤੀ ਜਾਣ ਵਾਲੀ ਬਿਆਨਬਾਜ਼ੀ ਨਾ ਸਿਰਫ਼ ਮਾਮਲੇ ਨੂੰ ਹੋਰ ਉਲਝਾਉਂਦੀ ਹੈ, ਸਗੋਂ ਸਿੱਖ ਸੰਸਥਾਵਾਂ, ਗੁਰੂ ਘਰ ਅਤੇ ਸਿੱਖ ਸ਼ਖ਼ਸੀਅਤਾਂ ਦੇ ਵਕਾਰ ਨੂੰ ਵੀ ਠੇਸ ਪਹੁੰਚਾਉਂਦੀ ਹੈ।

ਸ. ਕਾਹਲਵਾਂ ਨੇ ਕਿਹਾ ਕਿ ਸੋਸ਼ਲ ਮੀਡੀਆ ਨੂੰ ਕਿਸੇ ਵੀ ਸੰਵੇਦਨਸ਼ੀਲ ਮਾਮਲੇ ਵਿਚ ਅਦਾਲਤ ਜਾਂ ਜਾਂਚ ਏਜੰਸੀ ਦਾ ਬਦਲ ਨਹੀਂ ਬਣਾਇਆ ਜਾ ਸਕਦਾ। ਉਨ੍ਹਾਂ ਕਿਹਾ ਕਿ ਸੋਸ਼ਲ ਮੀਡੀਆ ਰਾਹੀਂ ਬਿਨਾਂ ਤੱਥਾਂ ਦੀ ਪੁਸ਼ਟੀ ਕੀਤੇ ਸਿੱਖ ਸ਼ਖ਼ਸੀਅਤਾਂ ਦੀ ਕਿਰਦਾਰਕੁਸ਼ੀ ਕਰਨਾ ਜਾਂ ਕਿਸੇ ਸੰਸਥਾ ਨੂੰ ਬਦਨਾਮ ਕਰਨ ਵਾਲਾ ਪ੍ਰਚਾਰ ਕਰਨਾ ਸਿੱਖ ਕੌਮ ਲਈ ਵੀ ਚੰਗਾ ਸੁਨੇਹਾ ਨਹੀਂ ਦਿੰਦਾ। ਅਜਿਹੀ ਬਿਆਨਬਾਜ਼ੀ ਨਾਲ ਮਾਮਲੇ ਦੀ ਸੱਚਾਈ ਸਾਹਮਣੇ ਆਉਣ ਦੀ ਬਜਾਏ ਬੇਲੋੜਾ ਵਿਵਾਦ ਅਤੇ ਭੰਬਲਭੂਸਾ ਪੈਦਾ ਹੁੰਦਾ ਹੈ।

ਉਨ੍ਹਾਂ ਸਪੱਸ਼ਟ ਕੀਤਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਮਾਮਲੇ ਦੀ ਗੰਭੀਰਤਾ ਨੂੰ ਸਮਝਦਿਆਂ ਹੀ ਜਾਂਚ ਕਮੇਟੀ ਦਾ ਗਠਨ ਕੀਤਾ ਗਿਆ ਹੈ ਅਤੇ ਕਮੇਟੀ ਆਪਣੀ ਜ਼ਿੰਮੇਵਾਰੀ ਅਨੁਸਾਰ ਤੱਥਾਂ ਦੀ ਪੜਤਾਲ ਕਰ ਰਹੀ ਹੈ। ਇਸ ਲਈ ਜਦੋਂ ਤੱਕ ਜਾਂਚ ਦੀ ਰਿਪੋਰਟ ਸਾਹਮਣੇ ਨਹੀਂ ਆ ਜਾਂਦੀ, ਉਦੋਂ ਤੱਕ ਸਾਰੀਆਂ ਧਿਰਾਂ ਨੂੰ ਸੰਜਮ ਵਰਤਦਿਆਂ ਕਿਸੇ ਵੀ ਤਰ੍ਹਾਂ ਦੀ ਇਕਪਾਸੜ ਜਾਂ ਤੱਥਾਂ ਤੋਂ ਰਹਿਤ ਬਿਆਨਬਾਜ਼ੀ ਤੋਂ ਗੁਰੇਜ਼ ਕਰਨਾ ਚਾਹੀਦਾ ਹੈ।

ਸ. ਕਾਹਲਵਾਂ ਨੇ ਕਿਹਾ ਕਿ ਜਾਂਚ ਕਮੇਟੀ ਆਪਣੀ ਮੁੱਢਲੀ ਰਿਪੋਰਟ ਭਲਕੇ ਮਾਨਯੋਗ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸੌਂਪੇਗੀ ਅਤੇ ਰਿਪੋਰਟ ਵਿਚ ਸਾਹਮਣੇ ਆਉਣ ਵਾਲੇ ਤੱਥਾਂ ਬਾਰੇ ਪ੍ਰਧਾਨ ਸਾਹਿਬ ਜਾਣਕਾਰੀ ਨਸ਼ਰ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਪੁੱਤਰਾਂ ਦੇ ਦਾਨੀ ‘ਬਾਬਾ ਬੁੱਢਾ ਸਾਹਿਬ ਜੀ’



**ਜੋੜ ਮੇਲਾ ਬੀੜ ਪਿੰਡ ਠੱਠਾ ਝਬਾਲ (6-7 ਅਕਤੂਬਰ ਨੂੰ ਜੋੜ ਮੇਲੇ ’ਤੇ ਵਿਸ਼ੇਸ਼)**

ਜਿੱਥੇ ਅੱਜ ਬੀੜ ਬਾਬਾ ਬੁੱਢਾ ਸਾਹਿਬ ਗੁਰਦੁਆਰਾ ਸਾਹਿਬ ਸਥਿੱਤ ਹੈ, ਕਦੇ ਇੱਥੇ ਜੰਗਲ ਹੁੰਦੇ ਸਨ ਤੇ ਅਕਬਰ ਬਾਦਸ਼ਾਹ ਜਦੋਂ ਸ੍ਰੀ ਗੁਰੂ ਅਮਰਦਾਸ ਜੀ ਕੋਲ ਦਰਸ਼ਨਾਂ ਲਈ ਗਏ ਤਾਂ ਅਕਬਰ ਬਾਦਸ਼ਾਹ ਨੇ ਬੀਬੀ ਭਾਨੀ ਜੀ ਨੂੰ ਆਪਣੀ ਪੁੱਤਰੀ ਕਿਹਾ ਸੀ ਤੇ ਨਾਲੇ ਇੱਥੇ ਹੀ ਗੋਇੰਦਵਾਲ ਸਾਹਬ ਸੰਗਤ ਵਿੱਚ ਬੈਠ ਕੇ ਲੰਗਰ ਛਕਿਆ ਸੀ। ਉਦੋਂ ਇਹ ਜੰਗਲ ਦਾ ਇਲਾਕਾ (ਕੁੱਝ ਉਪਜਾਊ ਭੂਮੀ ਵੀ ਸੀ) ਇੰਨ੍ਹਾਂ ਦੇ ਨਾਂਅ ਕਰ ਦਿੱਤਾ ਸੀ। ਇੱਥੋਂ ਦੀ ਦੇਖ ਰੇਖ ਬਾਬਾ ਬੁੱਢਾ ਜੀ ਕਰਦੇ ਸਨ। ਸ੍ਰੀ ਗੁਰੂ ਅਰਜਨ ਦੇਵ ਜੀ ਨੂੰ 1 ਸਤੰਬਰ 1581, ਭਾਦੋਂ ਸੁਦੀ 3, 1638 ਨੂੰ ਗੁਰਗੱਦੀ ਮਿਲਣ ਉਪਰੰਤ ਆਪ ਦੇ ਵੱਡੇ ਭਰਾ ਪ੍ਰਿਥੀ ਚੰਦ ਨੇ ਬਹੁਤ ਬੁਰਾ ਮਨਾਇਆ। ਪ੍ਰਿਥੀ ਚੰਦ ਨੇ ਬਾਬਾ ਬੁੱਢਾ ਜੀ ਅਤੇ ਪਿਤਾ ਗੁਰੂ ਸ੍ਰੀ ਗੁਰੂ ਰਾਮਦਾਸ ਜੀ ਨੂੰ ਬੋਲ ਕੁਬੋਲ ਕਹੇ। ਸ੍ਰੀ ਗੁਰੂ ਰਾਮਦਾਸ ਜੀ ਦੇ ਸਮਝਾਉਣ ਤੇ ਵੀ ਪ੍ਰਿਥੀ ਚੰਦ ਨਹੀ ਸਮਝਿਆ। ਪ੍ਰਿਥੀ ਚੰਦ ਗੁਰੂ ਘਰ ਦੇ ਨਿੰਦਕਾਂ ਦੀ ਚੁੱਕਣਾ ਵਿੱਚ ਆ ਕੇ ਆਪੇ ਤੋਂ ਬਾਹਰ ਹੋ ਗਿਆ। ਛਲ ਕਪਟ ਨਾਲ ਇਕੱਠੀ ਕੀਤੀ ਹੋਈ ਮਾਇਆ ਦਾ ਹੰਕਾਰ ਸਿਰ ਚੜ੍ਹ ਕੇ ਬੋਲ ਰਿਹਾ ਸੀ। ਗੁਰੂ ਰਾਮਦਾਸ ਜੀ ਨੇ ਕਿਹਾ ਕਿ ‘ਤੂੰ ਮੀਣਾ ਹੈ, ਸਾਡੇ ਸਿੱਖ ਤੇਰੇ ਨਾਲ ਸਾਂਝ ਨਹੀ ਰੱਖਣਗੇ। ਸਾਡੀਆਂ ਨਜ਼ਰਾਂ ਤੋਂ ਦੂਰ ਹੋ ਜਾ।’ ਪ੍ਰਿਥੀ ਚੰਦ ਵੱਲੋਂ ਸੰਗਤ ਦੁਆਰਾ ਭੇਜੀ ਜਾਂਦੀ ਸਾਰੀ ਭੇਟਾ ਰਸਤੇ ਵਿੱਚ ਹੀ ਕਾਬੂ ਕਰ ਲਈ ਜਾਂਦੀ ਸੀ, ਕਿਉਂਕਿ ਸ੍ਰੀ ਗੁਰੂ ਰਾਮਦਾਸ ਜੀ ਵੇਲੇ ਵੀ ਪ੍ਰਿਥੀ ਚੰਦ ਹੀ ਸਾਰੀ ਭੇਟਾ ਦਾ ਹਿਸਾਬ ਰੱਖਦਾ ਸੀ। ਸੰਗਤ ਅਨਜਾਣ ਸੀ, ਇਸ ਲਈ ਇਸ ਦੇ ਬਹਿਕਾਵੇ ਵਿੱਚ ਆ ਕੇ ਸਾਰੀ ਭੇਟਾ ਇਸ ਦੇ ਹਵਾਲੇ ਕਰ ਜਾਂਦੀ ਸੀ। ਪੂਰੀ ਭੇਟਾ ਗੁਰੂ ਜੀ ਕੋਲ ਨਾ ਪਹੁੰਚਣ ਕਰਕੇ ਗੁਰੂ ਘਰ ਦੇ ਲੰਗਰ ਦੀ ਹਾਲਤ ਬੜੀ ਪਤਲੀ ਹੋ ਗਈ।

ਭਾਈ ਗੁਰਦਾਸ ਜੀ ਨੂੰ ਗੁਰੂ ਰਾਮਦਾਸ ਜੀ ਨੇ ਆਗਰੇ ਪ੍ਰਚਾਰ ਲਈ ਭੇਜਿਆ ਸੀ। ਜਦੋਂ ਉਹਨਾਂ ਨੂੰ ਗੁਰੂ ਰਾਮਦਾਸ ਜੀ ਦੇ ਸੱਚਖੰਡ ਬਿਰਾਜਣ ਦੀ ਖਬਰ ਮਿਲੀ ਤਾਂ ਆਪ ਦੇ ਸ੍ਰੀ ਅੰਮ੍ਰਿਤਸਰ ਪਹੁੰਚਣ ਤੇ ਜਦ ਦੋ ਛੋਲਿਆਂ ਦੇ ਪ੍ਰਸ਼ਾਦੇ ਮਿਲੇ ਤਾਂ ਭਾਈ ਗੁਰਦਾਸ ਜੀ ਨੂੰ ਮਾਤਾ ਭਾਨੀ ਨੂੰ ਪੁੱਛਣ ਤੇ ਪਤਾ ਲੱਗਾ ਕਿ ਇਹ ਸਭ ਪ੍ਰਿਥੀ ਚੰਦ ਕਰਕੇ ਹੋ ਰਿਹਾ ਹੈ ਤਾਂ ਭਾਈ ਗੁਰਦਾਸ ਜੀ ਨੇ ਬਾਬਾ ਬੁੱਢਾ ਜੀ ਨੂੰ ਨਾਲ ਲੈ ਕੇ ਪ੍ਰਿਥੀ ਚੰਦ ਨੂੰ ਬਹੁਤ ਸਮਝਾਉਣ ਦੀ ਕੋਸ਼ਿਸ਼ ਕੀਤੀ , ਪਰ ਉਹ ਕਿੱਥੇ ਮੰਨਣ ਵਾਲਾ ਸੀ। ਭਾਈ ਗੁਰਦਾਸ ਜੀ ਨੇ ਬਾਬਾ ਬੁੱਢਾ ਜੀ ਤੇ ਸ੍ਰੀ ਗੁਰੂ ਅਰਜਨ ਦੇਵ ਜੀ ਨਾਲ ਸਲਾਹ ਮਸ਼ਵਰਾ ਕੀਤਾ। ਇਸ ਲਈ ਉਹਨਾਂ ਨੇ ਸ੍ਰੀ ਅੰਮ੍ਰਿਤਸਰ ਸ਼ਹਿਰ ਦੇ ਬਾਹਰਵਾਰ ਹੀ ਸਿੱਖਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਕਿ ਸ਼ਹਿਰ ਦੇ ਬਾਹਰ ਹੀ ਸੰਗਤਾਂ ਕੋਲੋਂ ਭੇਟਾ ਇੱਕਠੀ ਕਰ ਲਈ ਜਾਵੇ, ਪ੍ਰਿਥੀ ਚੰਦ ਤੱਕ ਪਹੁੰਚਣ ਹੀ ਨਾ ਦਿੱਤੀ ਜਾਵੇ। ਇਸ ਕੰਮ ਲਈ ਪਿੱਪਲੀ ਸਾਹਿਬ ਪੁਤਲੀਘਰ ਤੇ ਬੀੜ ਸਾਹਿਬ ਨੂੰ ਚੁਣਿਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਬਾਬਾ ਬੁੱਢਾ ਸਾਹਿਬ ਜੀ ਨੂੰ ਬੀੜ ਸਾਹਿਬ ਭੇਜਿਆ ਗਿਆ। ਜਿੱਥੇ ਬਾਬਾ ਬੁੱਢਾ ਜੀ ਨੇ ਸੰਗਤਾਂ ਨੂੰ ਗੁਰੂ ਘਰ ਨਾਲ ਜੋੜਿਆ। ਜਦ ਪ੍ਰਿਥੀ ਚੰਦ ਕੋਲ ਕੋਈ ਭੇਟਾ ਨਾ ਪਹੁੰਚੀ ਤਾਂ ਉਹ ਬੜਾ ਅੱਗ ਬਬੂਲਾ ਹੋਇਆ, ਫਿਰ ਸਾਰੇ ਪ੍ਰੀਵਾਰ ਨੇ ਸੋਚਿਆ ਕਿ ਅਰਜਨ (ਗੁਰੂ ਅਰਜਨ ਦੇਵ ਜੀ) ਦੇ ਕਿਹੜੀ ਔਲਾਦ ਹੋਣੀ ਹੈ, ਸਭ ਕੁੱਝ ਸਾਡਾ ਹੀ ਹੈ। ਪ੍ਰਿਥੀ ਚੰਦ ਦੀ ਪਤਨੀ ਮਾਤਾ ਗੰਗਾ ਜੀ ਨੂੰ ਤਾਹਨੇ ਮਿਹਣੇ ਦੇਂਦੀ ਰਹਿੰਦੀ ਸੀ। ਜਦ ਮਾਤਾ ਗੰਗਾ ਜੀ ਨੇ ਗੁਰੂ ਜੀ ਨੂੰ ਪੁੱਤਰ ਪ੍ਰਾਪਤੀ ਲਈ ਬੰਦਨਾ ਕੀਤੀ ਤਾਂ ਗੁਰੂ ਸਾਹਬ ਜੀ ਨੇ ਮਾਤਾ ਗੰਗਾ ਜੀ ਨੂੰ ਬਾਬਾ ਬੁੱਢਾ ਜੀ ਕੋਲ ਜਾ ਕੇ ਅਰਦਾਸ ਕਰਨ ਲਈ ਕਿਹਾ। ਮਾਤਾ ਗੰਗਾ ਜੀ ਨੰਗੇ ਪੈਰੀਂ ਮਿੱਸੇ ਪ੍ਰਸ਼ਾਦੇ ਆਪਣੇ ਹੱਥੀਂ ਪਕਾ ਕੇ ਨਾਲ ਗੰਡਾ, ਦਹੀਂ ਤੇ ਲੱਸੀ ਲੈ ਕੇ ਬੀੜ ਸਾਹਬ ਬਾਬਾ ਬੁੱਢਾ ਜੀ ਕੋਲ ਗਏ। ਬਾਬਾ ਬੁੱਢਾ ਜੀ ਬੜੇ ਖੁਸ਼ ਹੋਏ ਤੇ ਮਿੱਸੇ ਪ੍ਰਸ਼ਾਦੇ ਛਕ ਕੇ ਪੁੱਤਰ ਦਾ ਵਰ ਦਿੱਤਾ ਤੇ ਕਿਹਾ ਕਿ ‘ਮਹਾਂਬਲੀ ਸੂਰਮਾ ਪੈਦਾ ਹੋਵੇਗਾ, ਜੋ ਤੁਰਕਾਂ ਦੇ ਸਿਰ ਗੰਡੇ ਵਾਂਗ ਭੰਨੇਗਾ’। ਬਾਬਾ ਬੁੱਢਾ ਜੀ ਦੇ ਵਰ ਨਾਲ ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਹੋਇਆ। ਅੱਜ ਵੀ ਉਹ ਪ੍ਰੰਪਰਾ ਕਾਇਮ ਹੈ। ਪੁੱਤਰ ਪ੍ਰਾਪਤੀ ਲਈ ਸੰਗਤਾਂ ਮਿੱਸੇ ਪ੍ਰਸ਼ਾਦੇ ਪਕਾ ਕੇ ਨਾਲ ਗੰਡਾ, ਦਹੀਂ ਤੇ ਲੱਸੀ ਲੈ ਕੇ ਬਾਬਾ ਬੁੱਢਾ ਜੀ ਦੇ ਦਰਬਾਰ ਝਬਾਲ ਪਿੰਡ ਠੱਠਾ ਵਿਖੇ ਆਉਂਦੀਆਂ ਹਨ ਤੇ ਝੋਲੀਆਂ ਭਰ ਕੇ ਖੁਸ਼ੀ-ਖੁਸ਼ੀ ਘਰਾਂ ਨੂੰ ਪਰਤਦੀਆਂ ਹਨ। ਇਸ ਗੁਰਦੁਆਰੇ ਦਾ ਪ੍ਰਬੰਧ ਸ਼ਰੋਮਣੀ ਕਮੇਟੀ ਦੇ ਹੱਥਾਂ ਵਿੱਚ ਹੈ।

**-ਧਰਮਿੰਦਰ ਸਿੰਘ (ਚੱਬਾ)**

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243